ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7l

awazeqaumtvpunjab@gmail.com

ਸੋਮਵਾਰ, 1 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੬ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਖ਼ਤਮ ਹੋਈ ਪੰਜਾਬ ਰੋਡਵੇਜ਼ ਦੀ ਹੜਤਾਲ, ਬੱਸਾਂ ਦੀ ਆਵਾਜਾਈ ਬਹਾਲ ਕਰਨ 'ਤੇ ਬਣੀ ਸਹਿਮਤੀ

**ਚੰਡੀਗੜ੍ਹ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਰੋਡਵੇਜ਼ ਦੀ ਹੜਤਾਲ ਖ਼ਤਮ ਹੋ ਗਈ ਹੈ। ਸੂਤਰਾਂ ਦੇ ਹਵਾਲੇ ਤੋਂ ਮਿਲੀ ਜਾਣਕਾਰੀ ਮੁਤਾਬਕ ਮੁਲਾਜ਼ਮ ਯੂਨੀਅਨਾਂ ਤੇ ਸਰਕਾਰ ਵਿਚਾਲੇ ਸਹਿਮਤੀ ਹੋ ਗਈ ਹੈ ਤੇ ਇਸ ਤੋਂ ਬਾਅਦ ਮੁਲਾਜ਼ਮਾਂ ਵੱਲੋਂ ਹੜਤਾਲ ਖ਼ਤਮ ਕਰਨ ਦਾ ਐਲਾਨ ਕਰ ਦਿੱਤਾ ਗਿਆ ਹੈ। ਹੁਣ ਇਕ ਵਾਰ ਫ਼ਿਰ ਤੋਂ ਸਰਕਾਰੀ ਬੱਸਾਂ ਦੀ ਆਵਾਜਾਈ ਆਮ ਵਾਂਗ ਸ਼ੁਰੂ ਕਰ ਦਿੱਤੀ ਜਾਵੇਗੀ ਤੇ ਲੋਕਾਂ ਨੂੰ ਖੱਜਲ ਖੁਆਰੀ ਤੋਂ ਰਾਹਤ ਮਿਲ ਜਾਵੇਗੀ। ਦੱਸ ਦਈਏ ਕਿ ਪੀ. ਆਰ. ਟੀ. ਸੀ. ਤੇ ਪਨਬੱਸ ਦੇ ਮੁਲਾਜ਼ਮਾਂ ਵੱਲੋਂ ਅੱਜ ਲਗਾਤਾਰ ਤੀਜੇ ਦਿਨ ਹੜਤਾਲ ਕੀਤੀ ਗਈ ਸੀ। ਇਸ ਦਰਮਿਆਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਬੀਤੇ ਦਿਨੀਂ ਮੁਲਾਜ਼ਮਾਂ ਨੂੰ ਬੈਠ ਕੇ ਗੱਲਬਾਤ ਕਰਨ ਦਾ ਸੱਦਾ ਦਿੱਤਾ ਸੀ। ਅੱਜ ਟ੍ਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਤੇ ਮੁਲਾਜ਼ਮ ਯੂਨੀਅਨਾਂ ਦੇ ਆਗੂਆਂ ਵਿਚਾਲੇ 7 ਘੰਟੇ ਲੰਮੀ ਮੀਟਿੰਗ ਚੱਲੀ, ਜਿਸ ਮਗਰੋਂ ਦੋਹਾਂ ਵਿਚਾਲੇ ਸਹਿਮਤੀ ਬਣ ਗਈ ਹੈ। ਫਿਲਹਾਲ ਯੂਨੀਅਨ ਵੱਲੋਂ ਅਜੇ ਅਧਿਕਾਕਤ ਐਲਾਨ ਨਹੀਂ ਕੀਤਾ ਗਿਆ ਹੈ। ਜਾਣਕਾਰੀ ਮੁਤਾਬਕ ਸਰਕਾਰ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਮੁਲਾਜ਼ਮਾਂ ਨੂੰ ਰਿਹਾਅ ਕਰਨ ਲਈ ਹਾਮੀ ਭਰ ਦਿੱਤੀ ਗਈ ਹੈ। ਕਿੱਲੋਮੀਟਰ ਸਕੀਮ ਤੇ ਹੋਰ ਮੁੱਦਿਆਂ ਬਾਰੇ ਸਰਕਾਰ ਤੇ ਯੂਨੀਅਨਾਂ ਵਿਚਾਲੇ ਦੁਬਾਰਾ ਮੀਟਿੰਗ ਕੀਤੀ ਜਾਵੇਗੀ। ਫ਼ਿਲਹਾਲ ਲੋਕਾਂ ਦੀ ਖੱਜਲ ਖ਼ੁਆਰੀ ਨੂੰ ਵੇਖਦਿਆਂ ਹੜਤਾਲ ਖ਼ਤਮ ਕਰਨ ਦਾ ਐਲਾਨ ਕਰ ਦਿੱਤਾ ਗਿਆ ਹੈ।

### ਸਾਬਕਾ ਮੁੱਖ ਮੰਤਰੀ ਨੇ ਕੀਤਾ ਵੱਡਾ ਦਾਅਵਾ

# ਅਕਾਲੀ-ਭਾਜਪਾ ਗੱਠਜੋੜ 'ਤੇ ਸਹਿਮਤੀ !

**ਚੰਡੀਗੜ੍ਹ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਲੀਡਰ ਕੈਪਟਨ ਅਮਰਿੰਦਰ ਸਿੰਘ ਨੇ ਪੰਜਾਬ ਵਿਚ ਸੱਤਾ ਹਾਸਲ ਕਰਨ ਲਈ ਅਕਾਲੀ ਦਲ ਅਤੇ ਭਾਜਪਾ ਵਿਚਕਾਰ ਗੱਠਜੋੜ ਨੂੰ ਜ਼ਰੂਰੀ ਕਰਾਰ ਦਿੱਤਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਭਾਜਪਾ ਪੰਜਾਬ ਵਿਚ ਸਰਕਾਰ ਬਣਾਉਣਾ ਚਾਹੁੰਦੀ ਹੈ, ਤਾਂ ਉਸ ਨੂੰ ਅਕਾਲੀ



ਦਲ ਨਾਲ ਗੱਠਜੋੜ ਕਰਨਾ ਪਵੇਗਾ। ਉਨ੍ਹਾਂ ਨੇ ਕਿਹਾ ਕਿ ਭਾਜਪਾ ਲਈ ਪੰਜਾਬ ਵਿਚ ਸਰਕਾਰ ਦਾ ਹਿੱਸਾ ਬਣਨ ਦਾ ਹੋਰ ਕੋਈ ਤਰੀਕਾ ਨਹੀਂ ਹੈ। ਇਸ ਦੌਰਾਨ ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਉਨ੍ਹਾਂ ਤੇ ਸੁਖਬੀਰ ਬਾਦਲ ਵਿਚਾਲੇ ਪਹਿਲਾਂ ਗੱਠਜੋੜ ਲਈ ਸਹਿਮਤੀ ਹੋ ਵੀ ਗਈ ਸੀ, ਪਰ ਉਹ ਸਿਰੇ ਨਹੀਂ ਸੀ ਚੜ੍ਹ ਸਕੀ। ਇਕ ਇੰਟਵਿਊ ਦੌਰਾਨ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਨੂੰ ਚੰਗੇ ਸ਼ਾਸਨ ਦੀ ਲੋੜ ਹੈ ਤੇ ਇਸ ਲਈ ਭਾਜਪਾ ਤੇ ਅਕਾਲੀ ਦਲ ਨੂੰ ਗੱਠਜੋੜ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਭਾਜਪਾ ਲਈ ਸਫਲ ਹੋਣ ਦੇ ਦੋ ਤਰੀਕੇ ਹਨ ਇਕ ਤਰੀਕਾ ਇਹ ਹੈ ਕਿ ਪਾਰਟੀ ਗੱਠਜੋੜ ਕਰੇ ਅਤੇ ਸਰਕਾਰ ਬਣਾਏ। ਦੂਜਾ ਤਰੀਕਾ ਹੈ ਕਿ ਪਾਰਟੀ ਆਪਣਾ ਕਾਡਰ ਤਿਆਰ ਕਰੇ, ਪਰ ਇਸ ਲਈ ਭਾਜਪਾ ਨੂੰ ਦੋ-ਤਿੰਨ ਚੋਣਾਂ ਤਕ ਸਾਰੀਆਂ ਸੀਟਾਂ 'ਤੇ ਅਤੇ ਹਰ ਚੋਣ ਲੜਨ ਲਈ ਤਿਆਰ ਰਹਿਣਾ ਪਵੇਗਾ। ਕੈਪਟਨ ਅਮਰਿੰਦਰ ਸਿੰਘ ਨੇ ਦੱਸਿਆ ਕਿ ਜਦੋਂ ਲੋਕ ਸਭਾ ਚੋਣਾਂ ਹੋਈਆਂ ਸਨ, ਤਾਂ ਉਨ੍ਹਾਂ ਤੇ ਸੁਖਬੀਰ ਸਿੰਘ ਬਾਦਲ ਵਿਚਾਲੇ ਗੱਲਬਾਤ ਹੋਈ ਸੀ। ਸ਼ੁਰੂ ਵਿਚ, ਸੁਖਬੀਰ ਨੇ ਤਿੰਨ ਸੀਟਾਂ 'ਤੇ ਸਹਿਮਤੀ ਪ੍ਰਗਟਾਈ। ਫਿਰ ਗੱਲਬਾਤ ਵਧ ਕੇ ਚਾਰ ਸੀਟਾਂ ਤੱਕ ਪਹੁੰਚ ਗਈ, ਜਿਸ ਵਿਚ ਪਟਿਆਲਾ ਸੀਟ ਵੀ ਸ਼ਾਮਲ ਸੀ, ਜੋ ਕਿ ਪਹਿਲਾਂ ਗੱਲਬਾਤ ਦਾ ਹਿੱਸਾ ਨਹੀਂ ਸੀ। ਇਸ ਤੋਂ ਬਾਅਦ, ਕੈਪਟਨ ਅਮਰਿੰਦਰ ਸਿੰਘ ਨੇ ਚੰਡੀਗੜ੍ਹ ਸੀਟ ਵੀ ਮੰਗੀ। ਇਸ ਤਰ੍ਹਾਂ, ਕੁੱਲ ਪੰਜ ਸੀਟਾਂ 'ਤੇ ਸੁਖਬੀਰ ਬਾਦਲ ਦੀ ਸਹਿਮਤੀ ਹੋ ਗਈ ਸੀ। ਕੈਪਟਨ ਅਮਰਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਇਸ ਬਾਰੇ ਜੇ. ਪੀ. ਨੱਡਾ ਨੂੰ ਦੱਸਿਆ ਤੇ ਉਨ੍ਹਾਂ ਨੇ ਗ੍ਰਹਿ ਮੰਤਰੀ ਨਾਲ ਵੀ ਗੱਲਬਾਤ ਕੀਤੀ। ਕੈਪਟਨ ਨੇ ਦੱਸਿਆ ਕਿ ਜਦੋਂ ਅਮਿਤ ਸ਼ਾਹ ਨੇ ਸੁਖਬੀਰ ਨੂੰ ਫ਼ੋਨ ਕੀਤਾ ਤਾਂ ਉਦੋਂ ਤਕ ਸ਼ਾਇਦ ਸੁਖਬੀਰ ਦੇ ਕੁਝ ਕਰੀਬੀਆਂ ਨੇ ਇਸ 'ਤੇ ਇਤਰਾਜ਼ ਜਤਾਇਆ ਸੀ, ਜਿਸ ਕਾਰਨ ਸੁਖਬੀਰ ਨੇ ਮੁੜ ਤੋਂ ਤਿੰਨ ਸੀਟਾਂ ਦੇਣ ਦੀ ਹੀ ਗੱਲ ਕੀਤੀ। ਇਸ ਕਾਰਨ ਗੱਠਜੋੜ ਨਹੀਂ ਹੋ ਸਕਿਆ ਸੀ। ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਜੇਕਰ ਭਾਜਪਾ ਅਤੇ ਅਕਾਲੀ ਦਲ ਨੇ ਲੋਕ ਸਭਾ ਚੋਣਾਂ ਵਿਚ ਇਕੱਠੇ ਲੜਿਆ ਹੁੰਦਾ, ਤਾਂ ਉਹ ਘੱਟੋ-ਘੱਟ 7 ਜਾਂ 8 ਸੀਟਾਂ ਜਿੱਤ ਸਕਦੇ ਸਨ, ਜਿਸ ਨਾਲ ਪੰਜਾਬ ਦੀ ਆਵਾਜ਼ ਸੰਸਦ ਵਿਚ ਬੁਲੰਦ ਹੁੰਦੀ, ਪਰ ਹੁਣ ਅਕਾਲੀ ਦਲ ਸਿਰਫ਼ ਇਕ ਹੀ ਸੀਟ ਜਿੱਤ ਸੱਕਿਆ। ਗੱਠਜੋੜ ਬਾਰੇ ਆਪਣਾ ਪੱਖ ਰੱਖਦੇ ਹੋਏ ਕੈਪਟਨ ਅਮਰਿੰਦਰ ਸਿੰਘ ਨੇ ਇਹ ਵੀ ਮੰਨਿਆ ਕਿ ਅਕਾਲੀ ਦਲ ਦੇ "ਤਿੰਨ ਧੜੇ" ਹਨ ਅਤੇ ਚੋਣਾਂ ਨੇੜੇ ਆਉਣ 'ਤੇ ਭਾਜਪਾ ਨੂੰ ਸਭ ਤੋਂ ਮਜ਼ਬੂਤ ਧੜੇ ਦੀ ਚੋਣ ਕਰਨੀ ਪਵੇਗੀ।

## ਵਿਆਹ 'ਚ ਹੋਈ ਗੈਂਗਵਾਰ ਮਾਮਲੇ 'ਚ ਪੰਜਾਬ ਪੁਲਸ ਦਾ ਐਕਸ਼ਨ !

**ਲੁਧਿਆਣਾ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੱਖੋਵਾਲ ਰੋਡ 'ਤੇ ਸਥਿਤ ਬਾਠ ਕੈਸਲ ਪੈਲਸ ਵਿਖੇ ਹੋਈ ਗੈਂਗਵਾਰ ਤੋਂ ਬਾਅਦ, ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਐਤਵਾਰ ਸਵੇਰੇ ਆਪਣੀ ਰਿਹਾਇਸ਼ 'ਤੇ ਇਕ ਪ੍ਰੈਸ ਕਾਨਫਰੰਸ ਦੌਰਾਨ ਵੱਡਾ ਖ਼ੁਲਾਸਾ ਕੀਤਾ।




ਉਨ੍ਹਾਂ ਕਿਹਾ ਕਿ ਪੁਲਸ ਨੇ ਇਸ ਘਟਨਾ ਵਿਚ 8 ਨੌਜਵਾਨਾਂ ਨੂੰ ਨਾਮਜ਼ਦ ਕਰਦਿਆਂ ਤਕਰੀਬਨ ਦੋ ਦਰਜਨ ਨੌਜਵਾਨਾਂ ਵਿਰੁੱਧ ਮਾਮਲਾ ਦਰਜ ਕੀਤਾ ਹੈ। ਇਨ੍ਹਾਂ ਵਿਚੋਂ 6 ਮੁਲਜ਼ਮਾਂ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ। ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਗੋਲੀਬਾਰੀ ਕਰਨ ਵਾਲੇ ਕਿਸੇ ਗੈਂਗ ਮੈਂਬਰ ਨਹੀਂ ਸਨ, ਸਗੋਂ "ਮਾਮੂਲੀ ਬਦਮਾਸ਼" ਸਨ, ਜੋ ਰੁਤਬੇ ਲਈ ਆਪਸ ਵਿਚ ਟਕਰਾਉਂਦੇ ਹਨ ਅਤੇ ਸ਼ਹਿਰ ਦੇ ਮਾਹੌਲ ਨੂੰ ਵਿਗਾੜਦੇ ਹਨ। ਉਨ੍ਹਾਂ ਚੇਤਾਵਨੀ ਦਿੱਤੀ ਕਿ ਅਜਿਹੀ ਗੁੰਡਾਗਰਦੀ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪੁਲਸ ਕਮਿਸ਼ਨਰ ਨੇ ਇਹ ਵੀ ਸਪੱਸ਼ਟ ਕੀਤਾ ਕਿ ਇਸ ਮਾਮਲੇ ਵਿਚ ਪੈਲੇਸ ਮੈਨੇਜਮੈਂਟ ਵਿਰੁੱਧ ਵੀ ਬਣਦੀ ਕਾਰਵਾਈ ਕੀਤੀ ਜਾਵੇਗੀ। ਇਸ ਦੇ ਨਾਲ ਹੀ ਪ੍ਰੋਗਰਾਮ ਵਿਚ ਬਦਮਾਸ਼ਾਂ ਨੂੰ ਸੱਦਾ ਦੇਣ ਵਾਲਿਆਂ ਵਿਰੁੱਧ ਵੀ ਕੇਸ ਦਰਜ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਘਟਨਾ ਵਿਚ ਲਾਪਰਵਾਹੀ ਜਾਂ ਸ਼ਮੂਲੀਅਤ ਵਾਲਾ ਕੋਈ ਵੀ ਵਿਅਕਤੀ ਬਖਸ਼ਿਆ ਨਹੀਂ ਜਾਵੇਗਾ।

## ਪੰਜਾਬ ਦੀ ਸਿਆਸਤ 'ਚ ਹਲਚਲ ! ਸੁਖਬੀਰ ਬਾਦਲ ਨੇ ਸੀਨੀਅਰ ਆਗੂਆਂ ਨੂੰ ਸੌਂਪੀ ਵੱਡੀ ਜ਼ਿੰਮੇਵਾਰੀ





**ਜਲੰਧਰ/ਚੰਡੀਗੜ੍ਹ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਚ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਦੀਆਂ ਚੋਣਾਂ ਦੇ ਐਲਾਨ ਮਗਰੋਂ ਸਿਆਸੀ ਪਾਰਟੀਆਂ ਸਰਗਰਮ ਹੋ ਗਈਆਂ ਹਨ। ਇਸੇ ਤਹਿਤ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਸੀਨਅਰ ਆਗੂਆਂ ਨੂੰ ਵੱਡੀ ਜ਼ਿੰਮੇਵਾਰੀ ਸੌਂਪੀ ਹੈ। ਸੀਨੀਅਰ ਆਗੂ ਗੁਰਮੀਤ ਸਿੰਘ ਦਾਦੂਵਾਲ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਬਲਬੀਰ ਸਿੰਘ ਮਿਆਣੀ ਅਤੇ ਸੋਹਣ ਸਿੰਘ ਠੰਡਲ ਨੂੰ ਪਾਰਟੀ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ। ਇਸ ਦੀ ਜਾਣਕਾਰੀ ਅਕਾਲੀ ਦਲ ਦੇ ਬੁਲਾਰੇ ਡਾ. ਦਲਜੀਤ ਸਿੰਘ ਚੀਮਾ ਵੱਲੋਂ ਦਿੱਤੀ ਗਈ ਹੈ। ਇਸੇ ਤਰ੍ਹਾਂ ਹੁਸ਼ਿਆਰਪੁਰ ਤੋਂ ਸੀਨੀਅਰ ਪਾਰਟੀ ਆਗੂ ਬਲਦੇਵ ਸਿੰਘ ਮਾਨ ਅਤੇ ਵਰਿੰਦਰ ਸਿੰਘ ਬਾਜਵਾ ਨੂੰ ਪਾਰਟੀ ਦੀ ਕੋਰ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਹੈ। ਉਥੇ ਹੀ ਹਰਿੰਦਰ ਸਿੰਘ ਢੀਂਡਸਾ ਨੂੰ ਜਲੰਧਰ ਉੱਤਰੀ ਵਿਧਾਨ ਸਭਾ ਹਲਕੇ ਲਈ ਹਲਕਾ ਇੰਚਾਰਜ ਅਤੇ ਹਰਮੋਹਨ ਸਿੰਘ ਸੰਧੂ ਨੂੰ ਚਮਕੌਰ ਸਾਹਿਬ ਦਾ ਹਲਕਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਸੀਨੀਅਰ ਆਗੂ ਮਹਿੰਦਰ ਸਿੰਘ ਕੇਪੀ ਅਤੇ ਕੁਲਵੰਤ ਸਿੰਘ ਮੰਨਣ ਕਰਤਾਰਪੁਰ ਵਿਧਾਨ ਸਭਾ ਹਲਕੇ ਲਈ ਆਬਜ਼ਰਵਰ ਨਿਯੁਕਤ ਕੀਤੇ ਗਏ ਹਨ। ਗੁਰਮੀਤ ਸਿੰਘ ਦਾਦੂਵਾਲ ਅਤੇ ਹਰਿੰਦਰ ਸਿੰਘ ਢੀਂਡਸਾ ਆਦਮਪੁਰ ਵਿਧਾਨ ਸਭਾ ਹਲਕੇ ਦੇ ਆਬਜ਼ਰਵਰ ਹੋਣਗੇ ਅਤੇ ਰਾਜ ਕਮਲ ਸਿੰਘ ਭੁੱਲਰ ਨਕੋਦਰ ਹਲਕੇ ਦੀਆਂ ਚੋਣਾਂ ਦਾ ਤਾਲਮੇਲ ਉਮੀਦਵਾਰਾਂ ਦੀ ਚੋਣ ਅਤੇ ਚੋਣ ਪ੍ਰਚਾਰ ਲਈ ਕਰਨਗੇ। ਇਸ ਤੋਂ ਇਲਾਵਾ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨਾਲ ਹਲਕਿਆਂ ਦੇ ਪਾਰਟੀ ਆਗੂਆਂ ਅਤੇ ਵਰਕਰਾਂ ਨਾਲ ਵਿਸਥਾਰਤ ਵਿਚਾਰ-ਵਟਾਂਦਰੇ ਤੋਂ ਬਾਅਦ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਦੀ ਜਾਂਚ, ਚੋਣ ਅਤੇ ਆਯੋਜਨ ਲਈ ਨੱਥੀ ਸੂਚੀ ਅਨੁਸਾਰ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿਚ ਹਲਕਾ ਪੱਧਰੀ ਕਮੇਟੀਆਂ ਦਾ ਗਠਨ ਵੀ ਕੀਤਾ ਹੈ।

## ਤਰਨਤਾਰਨ ਕੋਰਟ ਨੇ ਮਹਿਲਾ ਅਕਾਲੀ ਆਗੂ ਕੰਚਨਪ੍ਰੀਤ ਕੌਰ ਨੂੰ ਕੀਤਾ ਬਰੀ, ਸਵੇਰੇ 4 ਵਜੇ ਆਇਆ ਫੈਸਲਾ

**ਤਰਨ-ਤਾਰਨ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਜ਼ਿਮਨੀ ਚੋਣ 'ਚ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਸੁਖਵਿੰਦਰ ਕੌਰ ਦੀ ਧੀ ਕੰਚਨਪ੍ਰੀਤ ਕੌਰ ਨੂੰ ਅਦਾਲਤ ਨੇ ਰਿਹਾਅ ਕਰ ਦਿੱਤਾ ਹੈ। ਇਹ ਫ਼ੈਸਲਾ ਸ਼ਨੀਵਾਰ ਦੇਰ ਰਾਤ ਸ਼ੁਰੂ ਹੋਈ ਇਕ ਲੰਮੀ ਸੁਣਵਾਈ ਤੋਂ ਬਾਅਦ ਐਤਵਾਰ ਦੀ ਤੜਕੇ 4 ਵਜੇ ਆਇਆ। ਅਦਾਲਤ ਵੱਲੋਂ ਰਿਹਾਅ ਹੋਣ ਮਗਰੋਂ ਕੰਚਨਪ੍ਰੀਤ ਕੌਰ ਸ੍ਰੀ ਦਰਬਾਰ ਸਾਹਿਬ ਨਤਮਸਤਕ ਹੋਈ ਅਤੇ ਵਾਹਿਗੁਰੂ ਜੀ ਦਾ ਸ਼ੁਕਰਾਨਾ ਕਰਦੇ ਹੋਏ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਜ਼ਿਕਰਯੋਗ ਹੈ ਕਿ ਕੰਚਨਪ੍ਰੀਤ ਕੌਰ ਦੇ ਵਕੀਲਾਂ ਦੇ ਸ਼ਨੀਵਾਰ ਰਾਤ 8 ਵਜੇ ਪਹੁੰਚਣ ਤੋਂ ਤੁਰੰਤ ਬਾਅਦ ਤਰਨਤਾਰਨ ਅਦਾਲਤ ਵਿੱਚ ਸੁਣਵਾਈ ਸ਼ੁਰੂ ਹੋਈ।



ਉਨ੍ਹਾਂ ਦੇ ਵਕੀਲਾਂ ਨੇ ਦਲੀਲ ਦਿੱਤੀ ਕਿ ਪੁਲਸ ਨੇ ਉਨ੍ਹਾਂ ਨੂੰ ਗੈਰ-ਕਾਨੂੰਨੀ ਤੌਰ 'ਤੇ ਹਿਰਾਸਤ ਵਿੱਚ ਲਿਆ ਹੈ ਹਾਲਾਂਕਿ ਉਹ ਜਾਂਚ ਵਿੱਚ ਹਿੱਸਾ ਲੈਣ ਲਈ ਪਹੁੰਚੀ ਸੀ। ਇਸ ਮੁੱਦੇ 'ਤੇ ਦੋਵਾਂ ਧਿਰਾਂ ਵਿਚਕਾਰ ਕਾਫ਼ੀ ਦੇਰ ਤੱਕ ਬਹਿਸ ਹੋਈ। ਇਸ ਤੋਂ ਪਹਿਲਾਂ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਵੀ ਪੁਲਸ ਹਿਰਾਸਤ ਨੂੰ ਗੈਰ-ਕਾਨੂੰਨੀ ਕਰਾਰ ਦਿੱਤਾ ਸੀ ਅਤੇ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਸਨ ਕਿ ਕੰਚਨਪ੍ਰੀਤ ਕੌਰ ਦੀ ਹਿਰਾਸਤ ਸਿੱਧੇ ਜੱਜ ਨੂੰ ਸੌਂਪੀ ਜਾਵੇ। ਹਾਈਕੋਰਟ ਨੇ ਦੋਸ਼ੀ ਦੇ ਆਪਣੇ ਆਪ ਨੂੰ ਪੇਸ਼ ਕਰਨ 'ਤੇ ਉਸ ਦੀ ਗ੍ਰਿਫ਼ਤਾਰੀ ਦੇ ਆਧਾਰ 'ਤੇ ਸਵਾਲ ਚੁੱਕੇ ਸਨ। ਲੰਬੀ ਬਹਿਸ ਤੋਂ ਬਾਅਦ ਤਰਨਤਾਰਨ ਅਦਾਲਤ ਨੇ ਵੀ ਪੁਲਸ ਹਿਰਾਸਤ ਨੂੰ ਗੈਰ-ਕਾਨੂੰਨੀ ਕਰਾਰ ਦਿੱਤਾ ਅਤੇ ਐਤਵਾਰ ਸਵੇਰੇ ਕੰਚਨਪ੍ਰੀਤ ਕੌਰ ਦੀ ਰਿਹਾਈ ਦਾ ਆਦੇਸ਼ ਜਾਰੀ ਕੀਤਾ।

### ਕੀ ਹੈ ਪੂਰਾ ਮਾਮਲਾ

ਤਰਨਤਾਰਨ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਦੌਰਾਨ ਝਬਾਲ ਪੁਲਸ ਸਟੇਸ਼ਨ ਦੀ ਪੁਲਸ ਨੇ ਵੋਟਰਾਂ ਨੂੰ ਕਥਿਤ ਤੌਰ 'ਤੇ ਡਰਾਉਣ-ਧਮਕਾਉਣ ਦੇ ਦੋਸ਼ ਹੇਠ ਅਕਾਲੀ ਦਲ ਦੀ ਉਮੀਦਵਾਰ ਸੁਖਵਿੰਦਰ ਕੌਰ ਰੰਧਾਵਾ ਦੇ ਜਵਾਈ ਅੰਮ੍ਰਿਤਪਾਲ ਸਿੰਘ ਬਾਠ ਵਿਰੁੱਧ ਐੱਫ਼. ਆਈ. ਆਰ. ਨੰਬਰ 208 ਦਰਜ ਕੀਤੀ ਸੀ। ਇਸ ਵਿੱਚ ਇੱਕ ਅਣਪਛਾਤੇ ਵਿਅਕਤੀ ਦਾ ਵੀ ਜ਼ਿਕਰ ਹੈ। ਅੰਮ੍ਰਿਤਪਾਲ ਸਿੰਘ ਬਾਠ ਦੀ ਪਤਨੀ ਕੰਚਨਪ੍ਰੀਤ ਕੌਰ ਰੰਧਾਵਾ ਨੂੰ ਇਸ ਮਾਮਲੇ ਦੇ ਸਬੰਧ ਵਿੱਚ ਸ਼ੁੱਕਰਵਾਰ ਸ਼ਾਮ ਨੂੰ ਮਜੀਠਾ ਪੁਲਸ ਸਟੇਸ਼ਨ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਵੱਲੋਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਇੱਕ ਪਟੀਸ਼ਨ ਦਾਇਰ ਕੀਤੀ ਗਈ। ਮਾਮਲੇ ਦੀ ਸੁਣਵਾਈ ਕਰਦੇ ਹੋਏ ਜਸਟਿਸ ਰਾਜੇਸ਼ ਭਾਰਦਵਾਜ ਨੇ ਤਰਨਤਾਰਨ ਏਰੀਆ ਮੈਜਿਸਟ੍ਰੇਟ-ਕਮ-ਜੇ. ਐੱਮ. ਆਈ. ਸੀ. (ਪੰਕਜ ਵਰਮਾ) ਨੂੰ ਉਸੇ ਰਾਤ ਸੁਣਵਾਈ ਕਰਨ ਅਤੇ ਰਿਮਾਂਡ ਦੇਣ ਦਾ ਫ਼ੈਸਲਾ ਕਰਨ ਦਾ ਹੁਕਮ ਦਿੱਤਾ। ਸ਼੍ਰੋਮਣੀ ਅਕਾਲੀ ਦਲ ਵੱਲੋਂ ਅਦਾਲਤ ਵਿੱਚ ਕੇਸ ਲੜ ਰਹੇ ਵਕੀਲ ਪੈਨਲ ਦੇ ਮੈਂਬਰ ਦੀਪਕ ਅਰੋੜਾ ਅਤੇ ਗੌਰਵਦੀਪ ਸਿੰਘ ਵਲਟੋਹਾ ਨੇ ਦੱਸਿਆ ਕਿ ਹਾਈਕੋਰਟ ਦੇ ਮਾਣਯੋਗ ਜਸਟਿਸ ਰਾਜੇਸ਼ ਭਾਰਦਵਾਜ ਨੇ ਕੰਚਨਪ੍ਰੀਤ ਕੌਰ ਰੰਧਾਵਾ ਵਿਰੁੱਧ ਗੈਰ-ਜ਼ਮਾਨਤੀ ਧਾਰਾਵਾਂ ਲਗਾਉਣ ਦੀ ਕਾਰਵਾਈ ਨੂੰ ਗਲਤ ਕਰਾਰ ਦਿੱਤਾ ਹੈ।

## ਦਿੱਲੀ ਪੁਲਿਸ ਦੀ ਵੱਡੀ ਕਾਰਵਾਈ, ISI ਨਾਲ ਜੁੜੇ 3 ਅੱਤਵਾਦੀ ਗ੍ਰਿਫ਼ਤਾਰ, ਪਾਕਿਸਤਾਨੀ ਗੈਂਗਸਟਰ ਸ਼ਹਿਜ਼ਾਦ ਭੱਟੀ ਨਾਲ ਵੀ ਲਿੰਕ

**ਨਵੀਂ ਦਿੱਲੀ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਨੇ ਪਾਕਿਸਤਾਨੀ ਖੁਫੀਆ ਏਜੰਸੀ ਆਈਐਸਆਈ ਨਾਲ ਜੁੜੇ ਤਿੰਨ ਅੱਤਵਾਦੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਸ਼ੁਰੂਆਤੀ ਰਿਪੋਰਟਾਂ ਅਨੁਸਾਰ, ਇਹ ਅੱਤਵਾਦੀ ਪਾਕਿਸਤਾਨੀ ਗੈਂਗਸਟਰ ਸ਼ਿਹਜ਼ਾਦ ਭੱਟੀ ਨਾਲ ਜੁੜੇ ਹੋਏ ਸਨ। ਪੁਲਿਸ ਗ੍ਰਿਫ਼ਤਾਰੀਆਂ ਨੂੰ ਲਾਲ ਕਿਲ੍ਹੇ ਦੇ ਧਮਾਕੇ ਨਾਲ ਵੀ ਜੋੜਿਆ ਜਾ ਰਿਹਾ ਹੈ। ਹਾਲਾਂਕਿ, ਸੁਰੱਖਿਆ ਏਜੰਸੀਆਂ ਨੇ ਇਨ੍ਹਾਂ ਤਿੰਨਾਂ ਅੱਤਵਾਦੀਆਂ ਦੇ ਦਿੱਲੀ ਧਮਾਕਿਆਂ ਦੇ ਮੁੱਖ ਦੋਸ਼ੀ ਡਾਕਟਰ ਉਮਰ ਉਨ ਨਬੀ ਨਾਲ ਸਬੰਧਾਂ ਦੀ ਸਿੱਧੇ ਤੌਰ 'ਤੇ ਪਛਾਣ ਨਹੀਂ ਕੀਤੀ ਹੈ। ਗ੍ਰਿਫ਼ਤਾਰ ਕੀਤੇ ਗਏ ਅੱਤਵਾਦੀ ਉੱਤਰੀ ਭਾਰਤ ਦੇ ਰਹਿਣ ਵਾਲੇ ਹਨ ਅਤੇ ਆਈਐਸਆਈ ਨਾਲ ਜੁੜੇ ਹੋਏ ਸਨ। ਦੱਸ ਦਈਏ ਕਿ ਇਹ ਗ੍ਰਿਫ਼ਤਾਰੀਆਂ ਧਮਾਕੇ ਦੀ ਜਾਂਚ ਨੂੰ ਨਵੀਂ ਦਿਸ਼ਾ ਦੇ ਰਹੀਆਂ ਹਨ। ਅੱਤਵਾਦੀ ਸੰਗਠਨਾਂ ਦੇ ਨਾਲ-ਨਾਲ ਪਾਕਿਸਤਾਨ ਦੇ ਪ੍ਰਮੁੱਖ ਗੈਂਗਸਟਰ ਸ਼ਿਹਜ਼ਾਦ ਭੱਟੀ ਦਾ ਨਾਮ ਵੀ ਸਾਹਮਣੇ ਆਇਆ ਹੈ। ਤਿੰਨਾਂ ਅੱਤਵਾਦੀਆਂ ਨੂੰ ਉੱਤਰ ਪ੍ਰਦੇਸ਼, ਪੰਜਾਬ ਅਤੇ ਮੱਧ ਪ੍ਰਦੇਸ਼ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ।

## 24 ਘੰਟਿਆਂ ਵਿੱਚ 7 ਧਮਾਕਿਆਂ ਨਾਲ ਕੰਬਿਆ ਬਲੋਚਿਸਤਾਨ, ਕਵੇਟਾ ਰੇਲਵੇ ਲਾਈਨ ਉੱਡੀ

**ਇਸਲਾਮਾਬਾਦ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪਿਛਲੇ 24 ਘੰਟਿਆਂ ਦੌਰਾਨ ਪਾਕਿਸਤਾਨ ਦੇ ਬਲੋਚਿਸਤਾਨ ਸੂਬੇ ਵਿੱਚ ਘੱਟੋ-ਘੱਟ ਸੱਤ ਧਮਾਕੇ ਹੋਏ ਹਨ, ਜਿਨ੍ਹਾਂ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਹੈ, ਜਦਕਿ ਇੱਕ ਉਸਾਰੀ ਕੰਪਨੀ ਦੇ ਦੋ ਸੁਰੱਖਿਆ ਗਾਰਡ ਜ਼ਖਮੀ ਹੋ ਗਏ ਹਨ। ਸ਼ੱਕੀ ਵਿਦਰੋਹੀਆਂ ਨੇ ਬਲੋਚਿਸਤਾਨ ਦੀ ਰਾਜਧਾਨੀ ਕਵੇਟਾ ਅਤੇ ਡੇਰਾ ਮੁਰਾਦ ਜਮਾਲੀ ਵਿੱਚ ਹਮਲੇ ਕੀਤੇ। ਸ਼ਨੀਵਾਰ ਨੂੰ, ਵਿਦਰੋਹੀਆਂ ਨੇ ਕਵੇਟਾ ਵਿੱਚ ਇੱਕ ਪੁਲਿਸ ਚੌਕੀ 'ਤੇ ਹੱਥਗੋਲੇ ਸੁੱਟੇ, ਜਿਸ ਤੋਂ ਬਾਅਦ ਅੱਤਵਾਦ ਵਿਰੋਧੀ ਵਿਭਾਗ ਦੇ ਵਾਹਨ ਦੇ ਨੇੜੇ ਇੱਕ ਆਈਈਡੀ ਸੁੱਟਿਆ ਗਿਆ। ਸ਼ਾਮ ਨੂੰ ਬਾਅਦ ਵਿੱਚ ਤਿੰਨ ਹੋਰ ਧਮਾਕੇ ਹੋਏ। ਸੀਨੀਅਰ ਪੁਲਿਸ ਸੁਪਰਡੈਂਟ ਆਸਿਫ ਖਾਨ ਨੇ ਕਿਹਾ ਕਿ ਕਵੇਟਾ ਦੇ ਬਾਹਰਵਾਰ ਲੋਹਾਰ ਕਰੀਜ਼ ਨੇੜੇ ਹੋਏ ਧਮਾਕੇ ਨੇ ਕਵੇਟਾ ਨੂੰ ਦੇਸ਼ ਦੇ ਬਾਕੀ ਹਿੱਸਿਆਂ ਨਾਲ ਜੋੜਨ ਵਾਲੀ ਮੁੱਖ ਲਾਈਨ ਨੂੰ ਉਡਾ ਦਿੱਤਾ। ਇਸ ਘਟਨਾ ਨਾਲ ਰਾਜਧਾਨੀ ਵਿੱਚ ਡਰ ਅਤੇ ਦਹਿਸ਼ਤ ਫੈਲ ਗਈ, ਹਾਲਾਂਕਿ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਐਸਐਸਪੀ ਖਾਨ ਨੇ ਕਿਹਾ ਕਿ ਸ਼ਰਾਰਤੀ ਅਨਸਰਾਂ ਨੇ ਰੇਲਵੇ ਪਟੜੀਆਂ 'ਤੇ ਆਈਈਡੀ ਡਿਵਾਈਸ ਲਗਾਏ ਅਤੇ ਜਦੋਂ ਇੱਕ ਟ੍ਰੇਨ ਕਵੇਟਾ ਸਟੇਸ਼ਨ 'ਤੇ ਪਹੁੰਚਣ ਵਾਲੀ ਸੀ ਤਾਂ ਉਨ੍ਹਾਂ ਨੂੰ ਧਮਾਕਾ ਕਰ ਦਿੱਤਾ। ਧਮਾਕੇ ਨੇ ਪਟੜੀਆਂ ਨੂੰ ਨੁਕਸਾਨ ਪਹੁੰਚਾਇਆ, ਜਿਸ ਨਾਲ ਰੇਲਵੇ ਆਵਾਜਾਈ ਠੱਪ ਹੋ ਗਈ।

# ਸੱਦਾ ਪੱਤਰ

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

## ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

### --- ✶ ਗੁਰਦੁਆਰਾ ਸਾਹਿਬ ਦਾ ਪਤਾ ✶----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

### -- ✶ ਸਤਿਗੁਰੂ ਦੇ ਭਾਣੇ ਵਿੱਚ ✶--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM International Newspaper & WEB TV





## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

**ਆਵਾਜ਼ਿ ਕੌਮ**

Daily Newspaper from U.K.

Publisher/Chief Editor

***Raghbir Singh Walsal***

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV




SAROA DENTAL CLINIC & IMPLANT CENTRE

A Multispeciality Dental Clinic...

- DENTAL CHECKUP
- CLEANING
- ROOT CANALS
- PREVENTIVE CARE

LATEST FACILITIES AVAILABLE :

Dental Implants
Dental Laset
Tooth Coloured Braces
Digital IOPA x-ray
Digital OPG x-ray

DR. KAMALJIT SAROA
B.D.S., Dental Surgeon
Moti Nagar, Near Railway
Crossing, Maqsudan
Jalandhar-144 008
Contact :
98150-83338
70879-59639



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

ਦਮਦਮੀ ਟਕਸਾਲ ਦੇ ਖਾਲਸਾ ਹਸਪਤਾਲ ਮਹਿਤਾ ਵਿਖੇ

# ਤਿੰਨ ਰੋਜ਼ਾ ਮੁਫ਼ਤ ਮੈਡੀਕਲ ਕੈਂਪ ਅੱਜ ਤੋਂ




ਚੌਂਕ ਮਹਿਤਾ, (ਬਾਬਾ ਸੁਖਵੰਤ ਸਿੰਘ ਚੰਨਣਕੇ)- "ਹਿੰਦ ਦੀ ਚਾਦਰ" ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ 350 ਸਾਲਾ ਗੁਰਤਾਗੱਦੀ ਸ਼ਤਾਬਦੀ ਮੌਕੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਮੈਮੋਰੀਅਲ ਹਸਪਤਾਲ ਮਹਿਤਾ ਚੌਂਕ ਵੱਲੋਂ 30 ਨਵੰਬਰ ਤੋਂ 2 ਦਸੰਬਰ ਤਕ (ਤਿੰਨ ਰੋਜਾ) ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾਵੇਗਾ। ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿੱਚ ਲੱਗਣ ਵਾਲੇ ਇਸ ਮੁਫ਼ਤ ਮੈਡੀਕਲ ਕੈਂਪ ਦੌਰਾਨ ਤਿੰਨੋਂ ਦਿਨ ਰੋਜ਼ਾਨਾ ਸਵੇਰੇ 10 ਤੋਂ ਦੁਪਹਿਰ 2 ਵਜੇ ਤੱਕ ਹੱਡੀਆਂ ਦੀ ਓ.ਪੀ.ਡੀ., ਦੰਦਾਂ ਦੀ ਓ.ਪੀ.ਡੀ. ਅਤੇ ਜਨਰਲ ਓ.ਪੀ.ਡੀ. ਸਮੇਤ ਦੰਦ ਪੁਟਵਾਉਣ ਦੀ ਸੁਵਿਧਾ ਬਿਲਕੁੱਲ ਮੁਫ਼ਤ ਹੋਵੇਗੀ। ਐਕਸਰੇ, ਦਵਾਈਆਂ ਅਤੇ ਮੈਡੀਕਲ ਟੈਸਟਾਂ ਵਿਚ 70 ਫੀਸਦੀ ਤਕ ਦੀ ਛੂਟ ਦਿੱਤੀ ਜਾਵੇਗੀ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਇਲਾਕੇ ਦੇ ਮਰੀਜਾਂ ਨੂੰ ਇਸ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅਮਰੀਕਾ ਵਾਸੀ ਖੋਜੀ ਵਿਦਵਾਨ ਧਰਮ ਸਿੰਘ ਗੋਰਾਇਆ ਦੀ ਖੋਜ ਪੁਸਤਕ

# "ਲੋਕ ਨਾਇਕ ਜੱਗਾ ਸੂਰਮਾ" ਲੁਧਿਆਣਾ ਲੋਕ ਅਰਪਣ



**ਚੌਕ ਮਹਿਤਾ,30 ਨਵੰਬਰ ,(ਬਾਬਾ ਸੁਖਵੰਤ ਸਿੰਘ ਚੰਨਣਕੇ)**-(ਮੈਰੀਲੈਂਡ)ਅਮਰੀਕਾ ਵਾਸੀ ਖੋਜੀ ਵਿਦਵਾਨ ਲੇਖਕ ਸ. ਧਰਮ ਸਿੰਘ ਗੋਰਾਇਆ ਦੀ ਸੱਜਰੀ ਖੋਜ ਪੁਸਤਕ "ਲੋਕ ਨਾਇਕ ਜੱਗਾ ਸੂਰਮਾ" ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਵੱਲੋਂ ਲੋਕ ਅਰਪਣ ਕਰਦਿਆਂ ਬੇਕਰਜ਼ਫੀਲਡ (ਅਮਰੀਕਾ) ਵਿੱਚ ਪੰਜਾਬੀ ਭਵਨ ਉਸਾਰਨ ਵਾਲੇ ਸਾਹਿੱਤ ਪ੍ਰੇਮੀ ਸ. ਅਜੀਤ ਸਿੰਘ ਭੱਠਲ ਨੇ ਕਿਹਾ ਹੈ ਕਿ ਅਸੀਂ ਲੋਕ ਪੰਜਾਬ ਛੱਡ ਕੇ ਪਰਦੇਸੀ ਧਰਤੀਆਂ ਤੇ ਵੱਸਦੇ ਹਾਂ ਪਰ ਪੰਜਾਬ ਪੰਜਾਬੀ ਅਤੇ ਪੰਜਾਬੀਅਤ ਸਾਡੇ ਅੰਗ ਸੰਗ ਰਹਿੰਦੀ ਹੈ। ਇਸੇ ਦਾ ਸਬੂਤ ਸ. ਧਰਮ ਸਿੰਘ ਗੋਰਾਇਆ ਦੀ ਸੱਜਰੀ ਖੋਜ ਪੁਸਤਕ" ਲੋਕ ਨਾਇਕ ਜੱਗਾ ਸੂਰਮਾ"ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਟੂਡੈਂਟਸ ਯੂਨੀਅਨ ਵਿੱਚ ਵੱਖ ਵੱਖ ਜ਼ਿਲ੍ਹਿਆਂ ਵਿੱਚ ਅਸੀਂ ਕੰਮ ਕੀਤਾ ਹੋਣ ਕਰਕੇ ਸਾਨੂੰ ਸਮਾਜਿਕ ਜ਼ੁੰਮੇਵਾਰੀ ਦਾ ਅਹਿਸਾਸ ਬਦੇਸ਼ ਜਾ ਕੇ ਵੀ ਓਨਾ ਹੀ ਹੈ ,ਜਿੰਨਾ ਪੰਜਾਬ ਰਹਿੰਦਿਆਂ ਸੀ। ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਪੁਸਤਕ ਬਾਰੇ ਬੋਲਦਿਆਂ ਕਿਹਾ ਕਿ ਜੱਗਾ ਸੂਰਮਾ ਪੰਜਾਬ ਦੀ ਅਣਖੀਲੀ ਮਿੱਟੀ ਦਾ ਜਾਇਆ ਹੈ ਜੋ ਨਿੱਕੇ ਨਿੱਕੇ ਸ਼ਾਹੂਕਾਰਾਂ ਦੇ ਜ਼ੁਲਮ ਤੋਂ ਮੁਕਤੀ ਲਈ ਕਾਫ਼ਲਾ ਬਣਾ ਕੇ ਤੁਰਦਾ ਹੈ। ਨਨਕਾਣਾ ਸਾਹਿਬ ਦੇ ਖ਼ੂਨੀ ਸਾਕੇ ਵਿੱਚ ਸ਼ਾਮਲ ਮਹੰਤਾਂ ਨੂੰ ਸੋਧਦਾ ਹੈ। ਬੱਬਰ ਅਕਾਲੀਆਂ ਦਾ ਸੰਗੀ ਬਣਦਾ ਹੈ। ਅੰਗਰੇਜ਼ ਹਕੂਮਤ ਨੇ ਉਸ ਨੂੰ ਡਾਕੂ ਕਹਿ ਕੇ ਬਦਨਾਮ ਕੀਤਾ ਤੇ ਉਸ ਨੂੰ ਆਪਣੇ ਲਾਲਚੀ ਕਾਰਿੰਦਿਆਂ ਤੋਂ ਖ਼ਤਮ ਕਰਵਾ ਸੁੱਟਿਆ। ਉਸ ਨੂੰ ਲੋਕ - ਮਨ ਵਿੱਚ ਡਾਕੂ ਧੁੰਮਾਇਆ ਗਿਆ। ਉਨ੍ਹਾਂ ਕਿਹਾ ਕਿ ਬੋਲੀਆਂ ਵਿੱਚ ਉਸ ਦਾ ਲੋਕ ਪੱਖੀ ਸੰਘਰਸ਼ ਗ਼ੈਰ ਹਾਜ਼ਰ ਹੈ। ਸ. ਧਰਮ ਸਿੰਘ ਗੋਰਾਇਆ (ਮੈਰੀਲੈਂਡ) ਅਮਰੀਕਾ ਵੱਸਦਿਆਂ ਜੱਗਾ ਸੂਰਮਾ ਨਾਲ ਸਬੰਧਿਤ ਮੂਲ ਇਤਿਹਾਸਕ ਤੇ ਮੌਖਿਕ ਸੋਮਿਆਂ ਤੀਕ ਪਹੁੰਚ ਕਰਕੇ "ਜੱਗਾ ਡਾਕੂ"ਦੀ ਥਾਂ "ਜੱਗਾ ਸੂਰਮਾ" ਪੁਸਤਕ ਲਿਖ ਕੇ ਜੱਗੇ ਦੀ ਧੀ ਰੇਸ਼ਮ ਕੌਰ ਦਾ ਉਲਾਂਭਾ ਹੀ ਨਹੀਂ ਲਾਹਿਆ ਸਗੋਂ ਇਤਿਹਾਸ ਵਿੱਚ ਪਏ ਭੁਲੇਖੇ ਵੀ ਦੂਰ ਕੀਤੇ ਹਨ। ਲੋਕ ਨਾਇਕ ਕਹਾਉਣ ਦੇ ਸਮਰੱਥ "ਜੱਗਾ ਸੂਰਮਾ"ਨੂੰ ਪਾਠਕ ਹੁਣ ਵੱਖਰੀ ਨਜ਼ਰ ਨਾਲ ਵੇਖ ਸਕਣਗੇ।

ਸੱਰੀ(ਕੈਨੇਡਾ) ਤੋਂ ਆਏ ਰਵਾਇਤੀ ਪੰਜਾਬੀ ਲੋਕ ਗਾਇਕੀ ਦੇ ਨੌਜਵਾਨ ਪੇਸ਼ਕਾਰ " ਦਾ ਫੋਕ ਟਰਬਨੇਟਰਜ਼" ਨੇ ਵੀ ਇਸ ਮੌਕੇ ਆਪਣੀ ਸੰਗੀਤ ਪੇਸ਼ਕਾਰੀ ਕਰਕੇ ਸਾਬਤ ਕੀਤਾ ਕਿ ਧਰਤੀ ਕੋਈ ਵੀ ਹੋਵੇ, ਵਿਰਾਸਤ ਹਰ ਸਾਹ ਦੇ ਨਾਲ ਨਾਲ ਤੁਰਦੀ ਹੈ। ਇਸ ਗਰੁੱਪ ਦੇ ਮੈਂਬਰ ਅਰਸ਼ ਰਿਆਜ਼ ਨੇ ਦੱਸਿਆ ਕਿ ਉਹ ਸੰਗੀਤ ਮਾਰਤੰਡ ਉਸਤਾਦ ਜਸਵੰਤ ਭੰਵਰਾ ਦੇ ਉੱਤਰਾ ਅਧਿਕਾਰੀ ਬਾਬਾ ਜ਼ੋਰਾ ਸਿੰਘ ਜੀ ਧਰਮਕੋਟ ਵਾਲਿਆਂ ਦਾ ਸ਼ਾਗਿਰਦ ਹੋਣ ਕਾਰਨ ਪੱਕੇ ਸੁਰ ਦਾ ਅਭਿਆਸੀ ਹੈ। ਇਹੀ ਗੁਣ ਉਨ੍ਹਾਂ ਦੀ ਪਛਾਣ ਦੇਸ ਬਦੇਸ਼ ਵਿੱਚ ਪਰਪੱਕ ਕਰ ਰਿਹਾ ਹੈ।

ਇਸ ਮੌਕੇ ਸ. ਮਲਕੀਤ ਸਿੰਘ ਭੱਠਲ ਬੇਕਰਜ਼ਫੀਲਡ, ਉੱਘੇ ਡੇਅਰੀ ਫਾਰਮਰ ਦਮਨ ਸ਼ਰਮਾ,ਸਾਬਕਾ ਸਰਪੰਚ ਸ. ਸੁਖਵੰਤ ਸਿੰਘ ਚੱਕ ਕਲਾਂ(ਲੁਧਿਆਣਾ) , ਜਗਜੀਵਨ ਸਿੰਘ ਮੋਹੀ ਤੇ ਕੁਝ ਹੋਰ ਸੱਜਣ ਹਾਜ਼ਰ ਸਨ।

# ਬਲਾਕ ਸੰਮਤੀ ਅਤੇ ਜ਼ਿਲ੍ਹਾ ਪਰਿਸ਼ਦ ਚੋਣਾਂ ਲਈ ਹਲਕਾ ਧੂਰੀ ਦੀ ਮੀਟਿੰਗ ਅੱਜ : ਰਣਜੀਤ ਸਿੰਘ ਕਾਤਰੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਲਗਭਗ ਚਾਰ ਸਾਲ ਤੋਂ ਪੰਜਾਬ ਦਾ ਵਿਕਾਸ ਠੱਪ ਹੋਇਆ ਪਿਆ ਹੈ ਅਮਨ ਕਾਨੂੰਨ ਦੇ ਹਾਲਾਤ ਖਰਾਬ ਹੁੰਦੇ ਜਾ ਰਹੇ ਹਨ। ਨਸ਼ੇ ਭ੍ਰਿਸ਼ਟਾਚਾਰ ਅਤੇ ਕਤਲੋਗਾਰਤ ਵੇਖ ਹਰ ਅਮਨ ਪਸੰਦ ਸ਼ਹਿਰੀ ਸਹਿਮਿਆ ਹੋਇਆ ਹੈ ਜਦਕਿ ਸੂਬਾ ਸਰਕਾਰ ਲੋਕਾਂ ਨੂੰ ਕੇਵਲ ਇਸ਼ਿਤਹਾਰਬਾਜ਼ੀ ਵਿੱਚ ਸੁਪਨੇ ਦਿਖਾ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਧੂਰੀ ਤੋਂ ਨਵ ਨਿਯੁਕਤ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ। ਉਨ੍ਹਾਂ ਕਿਹਾ ਕਿ ਇਹਨਾਂ ਚੋਣਾਂ ਦੌਰਾਨ ਹਰ ਹਾਲਤ ਵਿੱਚ ਹਾਕਮ ਧਿਰ ਵੱਲੋਂ ਕੀਤੀ ਜਾਣ ਵਾਲੀ ਹਰ ਧੱਕੇਸ਼ਾਹੀ ਦਾ ਮੂੰਹ ਤੋੜ ਜੁਆਬ ਦਿੱਤਾ ਜਾਏਗਾ। ਉਨ੍ਹਾਂ ਨੇ ਕਿਹਾ ਕਿ ਪਿਛਲੇ 4 ਸਾਲਾਂ ਤੋਂ ਲੋਕਾਂ ਦੀਆਂ ਮੁੱਢਲੀਆਂ ਜ਼ਰੂਰਤਾਂ ਪੂਰੀਆਂ ਨਹੀਂ ਕੀਤੀਆਂ ਗਈਆਂ। ਪਿੰਡਾਂ ਵਿੱਚ ਟੁੱਟੀਆਂ ਸੜਕਾਂ, ਪਾਣੀ ਦੀਆਂ ਸਮੱਸਿਆਵਾਂ, ਬੰਦ ਪਏ ਵਿਕਾਸ ਅਤੇ ਨੌਜਵਾਨਾਂ ਲਈ ਰੁਜ਼ਗਾਰ ਦੀ ਘਾਟ ਨੇ ਮਾਹੌਲ ਹੋਰ ਨਿਰਾਸ਼ਜਨਕ ਬਣਾਇਆ ਹੋਇਆ ਹੈ।

# ਮਾਨ ਸਰਕਾਰ ਵੱਲੋਂ 3 ਸ਼ਹਿਰਾਂ ਨੂੰ ਪਵਿੱਤਰ ਸ਼ਹਿਰਾਂ ਦਾ ਐਲਾਨ ਕਰਨ ਦਾ ਫੈਸਲਾ ਸਲਾਘਾਯੋਗ ਹੈ ਜੱਸੀ ਸੇਖੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਤਿੰਨ ਸ਼ਹਿਰਾਂ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦੇ ਫੈਸਲੇ ਨੇ ਰਾਜ ਭਰ ਵਿੱਚ ਵੱਸਦੇ ਸਿੱਖ ਭਾਈਚਾਰੇ ਵਿੱਚ ਖੁਸ਼ੀ ਦੀ ਲਹਿਰ ਹੈ। ਮਾਨ ਸਰਕਾਰ ਦਾ ਇਹ ਫੈਸਲਾ ਬਹੁਤ ਹੀ ਸਲਾਘਾਯੋਗ ਫੈਸਲਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਜਸਵੀਰ ਸਿੰਘ ਜੱਸੀ ਸੇਖੋਂ ਮੈਂਬਰ ਫੂਡ ਕਮਿਸ਼ਨ ਪੰਜਾਬ ਨੇ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਫੈਸਲੇ ਦੀ ਖੁੱਲ੍ਹੇ ਦਿਲ ਨਾਲ ਪ੍ਰਸ਼ੰਸਾ ਹੋ ਰਹੀ ਹੈ। ਇਸ ਤਰ੍ਹਾਂ ਦੇ ਫੈਸਲੇ ਨਾ ਸਿਰਫ਼ ਧਾਰਮਿਕ ਸਥਾਨਾਂ ਦੀ ਮਹੱਤਤਾ ਵਧਾਉਂਦੇ ਹਨ, ਸਗੋਂ ਸੇਵਾ-ਭਾਵਨਾ ਅਤੇ ਸੱਭਿਆਚਾਰਕ ਜਾਗਰੂਕਤਾ ਨੂੰ ਵੀ ਮਜ਼ਬੂਤ ਕਰਦੇ ਹਨ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਸ੍ਰੀ ਗੁਰੂ ਰਾਮਦਾਸ ਜੀ ਦੁਆਰਾ ਵਸਾਏ ਗਏ ਸ਼ਹਿਰ ਦੀ ਗੱਲ ਕਰਦੇ ਹੋਏ ਕਿਹਾ ਕਿ ਇਹ ਨਗਰੀ ਪਹਿਲਾਂ ਹੀ ਸੇਵਾ, ਨਿਮਰਤਾ ਅਤੇ ਭਗਤੀ ਦੀ ਪ੍ਰਤੀਕ ਹੈ, ਅਤੇ ਲੋਕਾਂ ਦੀ ਭਾਗੀਦਾਰੀ ਨਾਲ ਇਸਦੀ ਮਰਯਾਦਾ ਹੋਰ ਉੱਚੀ ਹੋਵੇਗੀ।

ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

# ਪਠਲਾਵਾ ਸੰਸਥਾ ਦੇ 28 ਵੇਂ ਸਲਾਨਾ ਸਹਾਇਤਾ ਵੰਡ ਸਮਾਗਮ ਲਈ ਮੀਟਿੰਗ ਵਿਚ ਅਹਿਮ ਵਿਚਾਰਾਂ





ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਜੀ ਅਤੇ ਉਹਨਾਂ ਦੇ ਨਾਲ ਦਿਲੀ ਦੇ ਚਾਂਦਨੀ ਚੌਂਕ ਵਿਚ ਸ਼ਹੀਦ ਹੋਣ ਵਾਲੇ ਗੁਰੂ ਦੇ ਪਿਆਰੇ ਸਿੱਖਾ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਵਲੋਂ 28 ਵਾਂ ਸਲਾਨਾ ਸਹਾਇਤਾ ਵੰਡ ਸਮਾਗਮ ਵਿਧੀਵਤ ਢੰਗ ਨਾਲ ਕਰਵਾਉਣ ਹਿਤ ਸੰਸਥਾ ਦੀ ਇਕ ਮਹੱਤਵਪੂਰਨ ਮੀਟਿੰਗ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਧਾਰਮਿਕ ਵਿੰਗ ਦੇ ਮੁਖੀ ਜਥੇਦਾਰ ਸਵਰਨਜੀਤ ਸਿੰਘ ਪਠਲਾਵਾ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸਾਹਿਬ ਅਤੇ ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ ਜੀ ਦੀ ਪ੍ਰਧਾਨਗੀ ਹੇਠ ਵਾਰੀਆ ਪਰਿਵਾਰ ਦੇ ਗ੍ਰਹਿ ਪਿੰਡ ਪਠਲਾਵਾ ਵਿਖੇ ਪਾਰਕ ਵਿਚ ਹੋਈ। ਡੇੜ ਘੰਟਾ ਚੱਲੀ ਮੀਟਿੰਗ ਦੀ ਕਾਰਵਾਈ ਉਪਰੰਤ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸੰਸਥਾ ਦੇ ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ,ਵਿੱਤ ਸਕੱਤਰ ਲੈਕਚਰਾਰ ਤਰਸੇਮ ਪਠਲਾਵਾ,ਉਪ ਚੇਅਰਮੈਨ ਸ੍ਰੀ ਸੰਦੀਪ ਕੁਮਾਰ ਗੌੜ ਅਤੇ ਸ ਅਮਰਜੀਤ ਸਿੰਘ ਸੂਰਾਪੁਰ ਨੇ ਆਖਿਆ ਕਿ ਸੰਸਥਾ ਦਾ ਇਹ 28 ਵਾਂ ਸਲਾਨਾ ਸਹਾਇਤਾ ਵੰਡ ਸਮਾਗਮ ਗੜ੍ਹਸ਼ੰਕਰ ਤਹਿਸੀਲ ਦੇ ਪਿੰਡ ਐਮਾਂ ਜਟਾਂ ਵਿਖੇ ਫਰਵਰੀ 2026 ਨੂੰ ਕਰਵਾਇਆ ਜਾਵੇਗਾ। ਇਹ ਸਮਾਗਮ ਮਨੁਖੀ ਅਧਿਕਾਰਾਂ ਦੇ ਨਾਇਕ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਜੀ ਜਿਨਾਂ ਨੇ ਮੁਗਲ ਹਕੂਮਤ ਦੁਆਰਾ ਘੱਟ ਗਿਣਤੀ ਕਸ਼ਮੀਰੀ ਪੰਡਿਤਾਂ ਦੇ ਲਾਹੇ ਜਾਂ ਰਹੇ ਜੰਞੂਆ ਦੀ ਰਾਖੀ ਹਿਤ ਅਵਾਜ਼ ਹੀ ਨਹੀਂ ਬੁਲੰਦ ਕੀਤੀ ਸਗੋਂ ਆਪਣਾ ਬਲੀਦਾਨ ਦੇ ਕੇ ਉਹਨਾਂ ਦੇ ਧਰਮ ਦੀ ਹਿਫ਼ਾਜ਼ਤ ਵੀ ਕੀਤੀ ਇਥੇ ਹੀ ਬਸ ਨਹੀਂ ਗੁਰੂ ਜੀ ਦੇ ਨਾਲ ਉਹਨਾਂ ਦੇ ਪਿਆਰੇ ਸਿੱਖਾ ਨੇ ਵੀ ਆਪਣੀ ਸ਼ਹਾਦਤ ਦਿੱਤੀ। ਇਸ ਸਮਾਗਮ ਵਿੱਚ ਗੁਰੂ ਜੀ ਦੀ ਸ਼ਹੀਦੀ, ਉਸ ਵੇਲੇ ਦੇ ਹਲਾਤਾਂ ਅਤੇ ਗੁਰੂ ਜੀ ਦੀ ਵਿਚਾਰਧਾਰਾ ਤੇ ਸਿੱਖ ਵਿਦਵਾਨਾਂ ਵਲੋਂ ਸਿਖਿਆ ਦਾਇਕ ਵਿਸ਼ੇਸ਼ ਪ੍ਰੋਗਰਾਮ ਸਾਂਝਾ ਕੀਤਾ ਜਾਵੇਗਾ। ਇਸ ਤੋਂ ਇਲਾਵਾ ਇਲਾਕੇ ਦੀਆਂ ਸਮਾਜ ਸੇਵੀ ਸੰਸਥਾਵਾਂ ਅਤੇ ਸ਼ਖਸ਼ੀਅਤਾਂ, ਜਿਨਾਂ ਨੇ ਇਨਸਾਨੀਅਤ ਦੀ ਸੇਵਾ ਲਈ ਸਮਰਪਿਤ ਦੀ ਭਾਵਨਾ ਨਾਲ ਕੰਮ ਕੀਤਾ ਹੋਵੇ ਉਹਨਾਂ ਦਾ ਸੰਸਥਾ ਵਲੋਂ ਸਨਮਾਨ ਵੀ ਕੀਤਾ ਜਾਵੇਗਾ। ਬੁਲਾਰਿਆਂ ਨੇ ਹੋਰ ਜਾਣਕਾਰੀ ਸਾਂਝੀ ਕਰਦਿਆਂ ਆਖਿਆ ਕਿ ਇਸ ਸਮਾਗਮ ਵਿੱਚ ਇਲਾਕੇ ਦੀਆਂ ਲੋੜਵੰਦ ਲੜਕੀਆਂ ਅਤੇ ਗਰੀਬ ਵਿਧਵਾਵਾਂ ਨੂੰ ਰੋਜ਼ੀ ਰੋਟੀ ਦੇ ਸਮਰੱਥ ਬਨਾਉਣ ਲਈ ਸਿਲਾਈ ਮਸ਼ੀਨਾਂ, ਸਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਟਰਾਈਸਾਈਕਲ/ ਵੀਹਲ ਚੇਅਰਾਂ ਵੀ ਦਿੱਤੀਆਂ ਜਾਣਗੀਆਂ। ਇਸ ਅਵਸਰ ਤੇ ਧਾਰਮਿਕ ਕਿਤਾਬਾਂ ਦਾ ਲੰਗਰ ਅਤੇ ਗੁਰੂ ਕਾ ਲੰਗਰ ਵੀ ਅਤੁੱਟ ਵਰਤੇਗਾ। ਹੋਰਨਾਂ ਤੋਂ ਇਲਾਵਾ ਮੀਟਿੰਗ ਵਿੱਚ ਸੰਸਥਾ ਦੇ ਸੀਨੀਅਰ ਅਹੁਦੇਦਾਰ ਸ ਆਤਮਾਂ ਸਿੰਘ ਸੂਰਾਪੁਰ,ਉਪ ਪ੍ਰਧਾਨ ਸ੍ਰੀ ਸਤੀਸ਼ ਕੁਮਾਰ ਐਮਾਂ ਜਟਾਂ,ਪ੍ਰੋ ਚਰਨਜੀਤ ਸਿੰਘ ਪੋਸੀ, ਸ ਹਰਭਜਨ ਸਿੰਘ ਸੂਰਾਪੁਰ,ਕੈਪ ਜੋਗਾ ਸਿੰਘ ਪਠਲਾਵਾ, ਪ੍ਰੈਸ ਸਕੱਤਰ ਮਾ ਸੁਰਿੰਦਰ ਸਿੰਘ ਕਰਮ, ਡਾ ਕੁਲਦੀਪ ਰਾਜ ਬੰਗਾ,ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ, ਰਣਜੀਤ ਸਿੰਘ ਰਾਜੂ, ਰਜਿੰਦਰ ਸਿੰਘ ਜਿੰਦਾ,ਦੀਪ ਚੰਦ ਬਰੇਲੀ, ਇਸਤਰੀ ਵਿੰਗ ਦੇ ਅਹੁਦੇਦਾਰਾਂ ਵਿਚ ਮੈਡਮ ਸਰਬਜੀਤ ਕੌਰ ਪਠਲਾਵਾ, ਸਰਦਾਰਨੀ ਨਰਿੰਦਰ ਕੌਰ ਪਠਲਾਵਾ,ਮੈਡਮ ਬਲਵਿੰਦਰ ਕੌਰ ਪਠਲਾਵਾ, ਮੈਡਮ ਕਮਲਜੀਤ ਕੌਰ ਐਮਾਂ ਜਟਾਂ ,ਮੈ ਸਾਰਿਕਾ ਸੋਨੀ ਸੁਜੋਂ ਹਾਜ਼ਰ ਸਨ।



**ਵਿਸ਼ੇਸ਼ ਰਿਪੋਰਟ : ਹਰਪ੍ਰੀਤ ਸਿੰਘ ਪਠਲਾਵਾ**

### ਗੁਰਦੁਆਰਾ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਕਲਾਂ ਪੁਰਾਣਾ ਮੋਗਾ ਦਾ

# ਸ਼ਹੀਦੀ ਸ਼ਤਾਬਦੀ ਅਤੇ ਸਲਾਨਾ ਗੁਰਮਤਿ ਸਮਾਗਮ ਯਾਦਗਾਰੀ ਹੋ ਨਿਬੜਿਆ










ਫ਼ਿਰੋਜ਼ਪੁਰ, 30 ਨਵੰਬਰ (ਮਨੋਹਰ ਲਾਲ) :— ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਕਲਾਂ ਪੁਰਾਣਾ (ਮੋਗਾ) ਵਿਖੇ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ, ਭਾਈ ਦਿਆਲ ਦਾਸ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਅਤੇ ਸੱਚਖੰਡ ਵਾਸੀ ਸੰਤ ਬਾਬਾ ਪ੍ਰਤਾਪ ਸਿੰਘ ਜੀ ਦੀ ਅੱਠਵੀਂ ਬਰਸੀ ਅਤੇ ਗੁਰਮੁੱਖ ਪਿਆਰੇ ਭਾਈ ਵੀਰ ਸਿੰਘ ਜੀ ਦੀ 21ਵੀਂ ਬਰਸੀ ਦੇ ਸਬੰਧ ਵਿਚ 23 ਨਵੰਬਰ ਤੋਂ 30 ਨਵੰਬਰ ਤੱਕ ਚੱਲ ਰਹੇ ਸਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਸਿੱਖ ਕੌਮ ਦੇ ਰਾਗੀ, ਕਥਾਵਾਚਕ ਜਥਿਆਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਅੰਮ੍ਰਿਤ ਸੰਚਾਰ ਵੀ ਕਰਵਾਇਆ ਗਿਆ, ਜਿਸ ਵਿਚ ਅਨੇਕਾਂ ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਇਸ ਮੌਕੇ ਤੇ ਸੰਤਾਂ ਮਹਾਂਪੁਰਸ਼ਾਂ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ, ਜਿਨ੍ਹਾਂ ਵਿਚ ਸਿੰਘ ਸਾਹਿਬ ਗਿਆਨੀ ਜ਼ਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ, ਸੰਤ ਬਾਬਾ ਬਲਦੇਵ ਸਿੰਘ ਜ਼ੋਗੇਵਾਲੇ, ਸੰਤ ਬਾਬਾ ਕਸ਼ਮੀਰਾ ਸਿੰਘ ਦਮਦਮੀ ਟਕਸਾਲ ਵਾਲੇ, ਸੰਤ ਬਾਬਾ ਗੁਰਨਾਮ ਸਿੰਘ ਡਰੋਲੀ ਭਾਈ, ਸੰਤ ਬਾਬਾ ਗੁਰਮੀਤ ਸਿੰਘ ਖੋਸਾ ਕੋਟਲਾ, ਸੰਤ ਬਾਬਾ ਕਰਨੈਲ ਸਿੰਘ ਹਜ਼ੂਰ ਸਾਹਿਬ, ਸੰਤ ਬਾਬਾ ਗੁਰਮੀਤ ਸਿੰਘ, ਸੰਤ ਬਾਬਾ ਮਹਿੰਦਰ ਸਿੰਘ ਜਨੇਰ ਵਾਲੇ, ਜਥੇਦਾਰ ਪਿੱਪਲ ਸਿੰਘ ਦਮਦਮਾ ਸਾਹਿਬ, ਗਿਆਨੀ ਗੁਰਮੀਤ ਸਿੰਘ ਖਡੂਰ ਸਾਹਿਬ ਵਾਲੇ, ਜਥੇਦਾਰ ਤੀਰਥ ਸਿੰਘ ਮਾਹਲਾ, ਸੰਤ ਬਾਬਾ ਚਰਨ ਸਿੰਘ ਜ਼ੋਗੇਵਾਲ ਮੈਂਬਰ ਐਸ.ਜੀ.ਪੀ.ਸੀ, ਬਾਬਾ ਸਵਰਨਜੀਤ ਸਿੰਘ ਤਰਨਾ ਦਲ ਦੁਆਬਾ ਦੇ ਮੁਖੀ, ਭਾਈ ਜ਼ਸਮੇਲ ਸਿੰਘ ਹਕੂਮਤ ਵਾਲੇ, ਭਾਈ ਗੁਰਮੀਤ ਸਿੰਘ ਹਕੂਮਤ ਸਿੰਘ ਵਾਲੇ, ਬਾਬਾ ਬਲਦੇਵ ਸਿੰਘ ਵੱਲੋਂ ਗਿਆਨੀ ਹਰਪ੍ਰੀਤ ਸਿੰਘ ਪ੍ਰਧਾਨ ਦਲੀਪ ਸਿੰਘ ਯੂ.ਕੇ ਵਾਲੇ, ਗਿਆਨੀ ਪਰਗਟ ਸਿੰਘ ਰੋਡੇ, ਭਾਈ ਲਖਵਿੰਦਰ ਸਿੰਘ ਮਚਾਕੀ ਵਾਲੇ, ਗਿਆਨੀ ਗੁਰਮੀਤ ਸਿੰਘ ਖਡੂਰ ਸਾਹਿਬ ਵਾਲੇ, ਬਾਬਾ ਅਵਤਾਰ ਸਿੰਘ ਸਾਧਾਂ ਵਾਲੇ, ਗਿਆਨੀ ਜੱਸਾ ਸਿੰਘ, ਬਾਬਾ ਕਰਨੈਲ ਸਿੰਘ ਦਮਦਮਾ ਸਾਹਿਬ, ਗਿਆਨੀ ਸੁਖਦੇਵ ਸਿੰਘ ਨਵਾਂ ਲੰਗੇਆਣਾ, ਗਿਆਨੀ ਗੋਰਾ ਸਿੰਘ ਨਵਾਂ ਲੰਗੇਆਣਾ, ਗਿਆਨੀ ਹਰਜਿੰਦਰ ਸਿੰਘ ਪਿੰਡ ਅਖਾੜਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਰਾਗੀ, ਕਥਾਵਾਚਕ ਜਥਿਆਂ ਨੇ ਹਾਜ਼ਰੀ ਭਰੀ। ਇਸ ਮੌਕੇ ਗੁਰਦੁਆਰਾ ਸ੍ਰੀ ਹਰਗੋਬਿੰਦਸਰ ਸਾਹਿਬ ਪਿੰਡ ਲੰਗੇਆਣਾ ਦੇ ਮੁੱਖ ਸੇਵਾਦਾਰ ਬਾਬਾ ਸਾਧੂ ਸਿੰਘ ਹੈਡ ਗ੍ਰੰਥੀ ਬਾਬਾ ਗੁਰਦਿਆਲ ਸਿੰਘ ਗਿਆਨੀ ਬਲਵਿੰਦਰ ਸਿੰਘ ਖਾਲਸਾ ਹੈਡ ਗ੍ਰੰਥੀ ਗੁਰਦੁਆਰਾ ਸੰਤ ਖਾਲਸਾ ਨਗਰ ਰੋਡੇ ਨੇ ਸਮੂਹ ਆਏ ਹੋਏ ਮਹਾਂਪੁਰਸ਼ਾਂ, ਰਾਗੀ, ਕਥਾਵਾਚਕ ਜਥਿਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਗਿਆਨੀ ਬਲਵਿੰਦਰ ਸਿੰਘ ਖਾਲਸਾ ਨੇ ਸਟੇਜ਼ ਦੀ ਸੇਵਾ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ, ਮਿਠਾਈਆਂ ਦੇ ਲੰਗਰ ਅਤੁੱਟ ਵਰਤਾਏ ਗਏ।

**ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਅਤੇ ਸੰਗਤਾਂ ਨੇ ਭਰੀ ਹਾਜ਼ਰੀ**

ਆਵਾਜ਼ਿ ਕੌਮ AWAZE QAUM International Newspaper & WEB TV

### ਇੰਗਲੈਂਡ ਦੀ ਧਰਤੀ ਤੇ ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਬੀ 19 ਵਨ ਏ.ਏ ਸੋਹੋ ਹਿੱਲ ਵਿਖੇ ਸ਼ਤਾਂਬਦੀ ਸਮਾਗਮ ਅਤੇ ਸੰਤ ਬਾਬਾ ਨਾਹਰ ਸਿੰਘ ਜੀ ਦੀ 18ਵੀਂ ਬਰਸੀ ਸਮਾਗਮ ਵਿਚ ਭਾਈ ਹਰਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਨੇ ਹਾਜ਼ਰੀ ਭਰੀ




ਫ਼ਿਰੋਜ਼ਪੁਰ, 30 ਨਵੰਬਰ (ਮਨੋਹਰ ਲਾਲ) :— ਇੰਗਲੈਂਡ ਦੀ ਧਰਤੀ ਤੇ ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਬੀ 19 ਵਨ ਏ.ਏ ਸੋਹੋ ਹਿੱਲ ਵਿਖੇ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਭਾਈ ਸਤੀ ਦਾਸ ਜੀ, ਭਾਈ ਮਤੀ ਦਾਸ ਜੀ, ਭਾਈ ਦਿਆਲ ਦਾਸ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਅਤੇ ਸ੍ਰੀਮਾਨ ਸੰਤ ਬਾਬਾ ਨਾਹਰ ਸਿੰਘ ਜੀ ਦੀ 18 ਬਰਸੀ ਸਮਾਗਮ ਜ਼ੋ ਕਿ 24 ਨਵੰਬਰ ਤੋਂ ਚੱਲ ਰਹੀ ਹੈ, ਦੀ ਹਾਜ਼ਰੀ ਭਾਈ ਹਰਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਵੱਧ ਤੋਂ ਵੱਧ ਨਾਮ ਜਪਣ ਅਤੇ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਨਾਲ ਜੁੜੋ ਅਤੇ ਬਾਬੇ ਕੇ ਅਕੈਡਮੀ ਦੇ ਬੱਚੇ ਸਿਮਰਨਜੋਤ ਕੌਰ, ਹਰਕੀਰਤ ਕੌਰ, ਗੁਰਨੀਅਤ ਕੌਰ, ਅਮਤੋਜ ਸਿੰਘ, ਗੁਰਜੋਤ ਸਿੰਘ, ਪਵਨਦੀਪ ਸਿੰਘ, ਅਰਜਨ ਸਿੰਘ, ਗੁਰਵੀਰ ਸਿੰਘ ਨੇ ਬਹੁਤ ਵਧੀਆ ਕੀਰਤਨ ਕੀਤਾ। ਇਸ ਮੌਕੇ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਨਗਿੰਦਰ ਸਿੰਘ ਧੰਜਲ, ਸਵਰਨ ਸਿੰਘ ਸੈਂਭੀ, ਜ਼ਸਵੰਤ ਸਿੰਘ ਸੈਂਭੀ, ਗੁਰਮੀਤ ਸਿੰਘ ਜੰਡੂ, ਧਰਮ ਸਿੰਘ ਘਟੋੜਾ, ਬਲਕਾਰ ਸਿੰਘ ਵੜੈਚ, ਗੁਰਪ੍ਰੀਤ ਸਿੰਘ ਗੋਪੀ, ਸੁਖਮਿੰਦਰ ਸਿੰਘ ਸੁਖੀ ਰਾਗੀ, ਪਾਠੀ ਜੁਝਾਰ ਸਿੰਘ, ਹਰਪ੍ਰੀਤ ਸਿੰਘ ਜੰਡੂ, ਰਛਪਾਲ ਸਿੰਘ, ਪ੍ਰਿ.ਤਪਾਲ ਸਿੰਘ, ਅਰਜਨ ਸਿੰਘ, ਯੂ.ਵੀ ਜੋ ਕਿ ਰਾਤ—ਦਿਨ ਇਨ੍ਹਾਂ ਸਮਾਗਮਾਂ ਵਿਚ ਸੇਵਾ ਨਿਭਾ ਰਹੇ ਹਨ। ਇਸ ਤੋਂ ਇਲਾਵਾ ਲੰਗਰਾਂ ਵਿਚ ਬੀਬੀ ਨਗਿੰਦਰ ਕੌਰ, ਬੀਬੀ ਜ਼ਸਬੀਰ ਕੌਰ, ਬੀਬੀ ਨਿੰਦਰ ਕੌਰ ਤੋਂ ਇਲਾਵਾ ਭਾਰੀ ਗਿਣਤੀ ਵਿਚ ਬੀਬੀਆਂ ਸੇਵਾ ਕਰ ਰਹੀਆਂ ਹਨ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਜ਼ਸਵਿੰਦਰ ਸਿੰਘ ਕਾਲਾ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਸਾਹਿਤਕ ਖੇਤਰ ਵਿਚ ਸੋਗ ਦੀ ਲਹਿਰ

# ਪ੍ਰਵਾਸੀ ਸ਼ਾਇਰ ਸੰਤੋਖ ਸਿੰਘ ਵਿਰਦੀ ਜੀ ਦਾ ਦਿਹਾਂਤ



**ਮੌਂਟਰੀਅਲ, 30 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਪੰਜਾਬੀ ਹੈਰੀਟੇਜ ਫਾਉਂਡੇਸ਼ਨ ਆਫ ਕੈਨੇਡਾ ਦੇ ਸੰਸਥਾਪਕ ਮੈਂਬਰ ਅਤੇ ਪੰਜਾਬੀ ਸਾਹਿਤ ਦੇ ਪ੍ਰਵਾਸੀ ਸ਼ਾਇਰ ਸੰਤੋਖ ਸਿੰਘ ਵਿਰਦੀ ਜੀ ਪਿਛਲੇ ਦਿਨੀਂ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ, ਉਹਨਾਂ ਦੇ ਆਕਾਲ ਚਲਾਣੇ ਦੀ ਖ਼ਬਰ ਨਾਲ ਮੌਂਟਰੀਅਲ, ਔਟਵਾ,ਕੌਰਨਵਾਲ ਤੇ ਆਸ ਪਾਸ ਦੇ ਸਮੁੱਚੇ ਸਾਹਿਤਕ ਖੇਤਰ ਵਿਚ ਸੋਗ ਦੀ ਲਹਿਰ ਦੌੜ ਗਈ ਉਹਨਾਂ ਦੇ ਦੁਨੀਆ ਤੋਂ ਚਲੇ ਜਾਣ ਨੂੰ ਸਾਹਿਤ ਦੇ ਖੇਤਰ ਵਿਚ ਨਾ ਪੂਰਿਆ ਜਾਣ ਵਾਲਾ ਘਾਟਾ ਦੱਸਦੇ ਹੋਏ ਪੰਜਾਬੀ ਕਲਮ ਕੇਂਦਰ ਮੌਂਟਰੀਅਲ ਦੇ ਮੁੱਖ ਕਾਰਜ ਕਰਤਾ ਸ਼ਾਇਰ ਹਰਜਿੰਦਰ ਸਿੰਘ ਪੱਤੜ ਹੁਰਾਂ ਨੇ ਕਿਹਾ ਕਿ ਮਰਹੂਮ ਵਿਰਦੀ ਜੀ ਇਕ ਚੰਗੇ ਕਵੀ, ਬਹੁਤ ਪਿਆਰੇ ਇਨਸਾਨ ਅਤੇ ਪੰਜਾਬੀ ਸਾਹਿਤ ਦੀ ਉੱਨਤੀ ਲਈ ਹਮੇਸ਼ਾ ਤਤਪਰ ਰਹਿਣ ਵਾਲ਼ੀ ਅਜ਼ੀਮ ਸ਼ਖ਼ਸੀਅਤ ਸਨ। ਇਸ ਤੋਂ ਇਲਾਵਾ ਉਹ ਸਿੱਖ ਧਰਮ ਦੇ ਅਦਾਰਿਆਂ ਵਿਚ ਵੀ ਹਮੇਸ਼ਾ ਆਪਣੀਆਂ ਸੇਵਾਵਾਂ ਨਿਭਾਉਂਦੇ ਰਹੇ। ਪੰਜਾਬੀ ਕਲਮ ਕੇਂਦਰ ਮੌਂਟਰੀਅਲ ਦੇ ਸਮੁੱਚੇ ਮੈਂਬਰ ਵਿਰਦੀ ਪਰਿਵਾਰ ਦੀ ਇਸ ਦੁੱਖ ਦੀ ਘੜੀ ਵਿੱਚ ਸ਼ਰੀਕ ਹੁੰਦਿਆਂ ਗਹਿਰੇ ਦੁੱਖ ਦਾ ਇਜ਼ਹਾਰ ਕਰਦੇ ਹੋਏ ਅਰਦਾਸ ਕਰਦੇ ਹਨ ਕਿ ਵਾਹਿਗੁਰੂ ਜੀ ਮਰਹੂਮ ਸੰਤੋਖ ਸਿੰਘ ਵਿਰਦੀ ਜੀ ਦੀ ਵਿੱਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਤੇ ਪਿੱਛੇ ਦੁੱਖੀ ਵਿਰਦੀ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਇਸ ਮੌਕੇ ਵਿਰਦੀ ਪਰਿਵਾਰ ਨਾਲ ਹਮਦਰਦੀ ਤੇ ਅਫਸੋਸ ਜ਼ਾਹਿਰ ਕਰਨ ਵਾਲ਼ਿਆਂ ਵਿੱਚ ਸ਼ਾਇਰ ਸੁਖਵਿੰਦਰ ਜੂਤਲਾ ਜੀ ,ਕੁਲਵੰਤ ਜੂਤਲਾ, ਹਰਜਿੰਦਰ ਸਿੰਘ ਪੱਤੜ,ਗੁਰਿੰਦਰਜੀਤ ਸਿੰਘ, ਸੁਰਜੀਤ ਸਿੰਘ ਪਾਹਵਾ,ਮਨਜੀਤ ਸਿੰਘ ਚਾਤ੍ਰਿਕ, ਮੋਹਣਪੀਤ ਸਿੰਘ ਪੱਤੜ, ਅਮਨਦੀਪ ਸਿੰਘ , ਕਰਮਿੰਦਰ ਸਿੰਘ ਗਿੱਲ, ਪੰਜਾਬੀ ਹੈਰੀਟੇਜ ਫਾਉਂਡੇਸ਼ਨ ਆਫ਼ ਕੈਨੇਡਾ ਵੱਲੋਂ ਡਾ: ਹਰਪਾਲ ਸਿੰਘ ਬੁੱਟਰ ,ਰਣਜੀਤ ਦੇਵਗਨ, ਤੇਜਿੰਦਰ ਸਿੰਘ ਢਿੱਲੋਂ ,ਸੁੱਚਾ ਸਿੰਘ ਮਾਨ , ਮਿੱਤਰ ਰਾਸ਼ਾ, ਅਮਰਜੀਤ ਸਿੰਘ ਸਾਥੀ ,ਡਾ: ਗੁਰਚਰਨ ਸਿੰਘ ਬੱਲ, ਡਾ: ਸਵਰਨ ਸਿੰਘ ਲਾਲ, ਗੁਰਿੰਦਰਪਾਲ ਸਿੰਘ, ਸਰਬਜੀਤ ਸਿੰਘ ਅਤੇ ਹੋਰ ਬਹੁਤ ਸਾਰੇ ਸਾਹਿਤਕਾਰ ਤੇ ਸਾਹਿਤ ਪ੍ਰੇਮੀ ਸ਼ਾਮਿਲ ਹਨ। **-ਅਮਰਜੀਤ ਸਿੰਘ ਜੀਤ**, 94172 87122

ਆਵਾਜ਼ਿ ਕੌਮ AWAZE QAUM International Newspaper & WEB TV





## ਜਨਮ ਦਿਨ ਮੁਬਾਰਕ

**ਅਨੰਤਵੀਰ ਸਿੰਘ**
ਪਿਤਾ ਦਾ ਨਾਮ : ਸ਼ਿਮੰਦਰ ਸਿੰਘ
ਮਾਤਾ ਦਾ ਨਾਮ : ਪਰਮਜੀਤ ਕੌਰ
ਵਾਸੀ : ਰਾਮਪੁਰਾ ਪਿੰਡ
ਜਿਲ੍ਹਾ ਬਠਿੰਡਾ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬੀਤੇ ਦਿਨੀ ਪੰਜਾਬ ਸੋਚਦਾ ਸਹਿਤਕ ਮੰਚ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਇਕਾਈ ਲੁਧਿਆਣਾ ਦੇ ਸਹਿਯੋਗ ਨਾਲ ਪੰਜਾਬੀ ਭਵਨ ਵਿਖੇ

# ਪੁਸਤਕਾਂ ਦਾ ਲੋਕ ਅਰਪਣ ਕੀਤਾ ਗਿਆ



**ਲੁਧਿਆਣਾ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨੀ ਪੰਜਾਬ ਸੋਚਦਾ ਸਹਿਤਕ ਮੰਚ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਇਕਾਈ ਲੁਧਿਆਣਾ ਦੇ ਸਹਿਯੋਗ ਨਾਲ ਪੰਜਾਬੀ ਭਵਨ ਵਿਖੇ ਪੁਸਤਕ ਲੋਕ ਅਰਪਣ ਕੀਤਾ ਗਿਆ ਜਿਸ ਵਿੱਚ "ਬਾਗੀ, "ਪ੍ਰਗਟ ਸਿੰਘ ਗਿੱਲ, "ਜਿਉਂਦੀ ਲਾਸ਼" ਇੰਦਰਜੀਤ ਕੌਰ ਵਡਾਲਾ, "ਸ਼ਾਂਤੀ ਜੋ ਪਰਿਵਾਰ ਨੇ ਕਦੇ ਨਹੀਂ ਚਾਹੀ" ਬੇਅੰਤ ਸਿੰਘ ਗਿੱਲ ਅਤੇ "ਪਰਵਾਜ਼ ਵੀ ਹੋਣੇ ਖੰਭ" ਰਬਨਜੋਤ ਕੌਰ ਰਾਵੀ ਸਿੱਧੂ ਜੀ ਦੀਆਂ ਪੁਸਤਕਾਂ ਦਾ ਲੋਕ ਅਰਪਣ ਕੀਤਾ ਗਿਆ। ਮੰਚ ਸੰਚਾਲਨ ਪਿਆਰੇ ਵੀਰ ਸੁਖਜਿੰਦਰ ਸਿੰਘ ਭੰਗਝੜੀ ਜੀ ਨੇ ਕੀਤਾ , ਬਹੁਤ ਹੀ ਖ਼ੂਬਸੂਰਤੀ ਨਾਲ ਉਹਨਾਂ ਨੇ ਸਟੇਜ ਦੀ ਜ਼ਿੰਮੇਵਾਰੀ ਸਾਂਭੀ ।ਪ੍ਰੋਗਰਾਮ ਬਹੁਤ ਹੀ ਖ਼ੂਬਸੂਰਤ ਉਹ ਨਿਬੜਿਆ ਹਾਜ਼ਰ ਕਵੀਆਂ ਨੇ ਆਪਣੀ ਆਪਣੀਆਂ ਰਚਨਾਵਾਂ ਸੁਣਾ ਕੇ ਆਪਣੀ ਸੋਚ ਦਾ ਪ੍ਰਗਟਾਵਾ ਕੀਤਾ ।ਨੌਜਵਾਨ ਗੁਰਕਰਨਵੀਰ ਸਿੰਘ ਘਣਗਸ ਜੀ ਨੇ "ਗੁਰਮੁਖੀ ਦਾ ਬੇਟਾ "ਗੀਤ ਸੁਣਾ ਕੇ ਵਾਹਵਾ ਖੱਟੀ ।ਮੁੱਖ ਮਹਿਮਾਨਾਂ ਵਿੱਚ ਡਾਕਟਰ ਗੁਲਜਾਰ ਪੰਧੇਰ ਜੀ, ਡਾਕਟਰ ਸੁਰਜੀਤ ਸਿੰਘ ਦੌਧਰ ਜੀ ਅਤੇ ਪੰਜਾਬੀ ਲੋਕ ਗਾਇਕ ਬਲਧੀਰ ਮਾਹਲਾ ਜੀ ਨੇ ਸ਼ਿਰਕਤ ਕੀਤੀ ਤੇ ਉਹਨਾਂ ਨੇ ਆਪਣੇ ਅੰਦਾਜ਼ ਵਿੱਚ ਸਾਰੇ ਲੇਖਕਾਂ ਨੂੰ ਵਧਾਈਆਂ ਦਿੱਤੀਆਂ ਅਤੇ ਬਲਧੀਰ ਮਾਹਲਾ ਜੀ ਨੇ ਆਪਣਾ ਕੁੱਕੂ ਰਾਣਾ ਰੋਂਦਾ ਮਸ਼ਹੂਰ ਗੀਤ ਸੁਣਾ ਕੇ ਉਹ ਪੁਰਾਣਾ ਵੇਲਾ ਯਾਦ ਕਰਵਾ ਦਿੱਤਾ ਜੋ ਕਿ ਬਹੁਤ ਹੀ ਕਾਬਲੇ ਤਾਰੀਫ ਸੀ ।ਇਨਾਮਾ ਦੀ ਵੰਡ ਤੋਂ ਬਾਅਦ,ਇਹ ਪ੍ਰੋਗਰਾਮ ਆਪਣੀਆਂ ਮਿੱਠੀਆਂ ਯਾਦਾਂ ਛੱਡਦਾ ਹੋਇਆ ਸੰਪੰਨ ਹੋਇਆ, ਤੇ ਜਿਹੜੇ ਵੀਰ ਸੱਜਣ ਮਿੱਤਰ ਦੂਰੋਂ ਨੇੜਿਓਂ ਇਸ ਪੁਸਤਕ ਲੋਕ ਅਰਪਣ ਸਮਾਗਮ ਵਿੱਚ ਸ਼ਾਮਿਲ ਹੋਏ ਉਹਨਾਂ ਦਾ ਅਸੀਂ ਤਹਿ ਦਿਲੋਂ ਧੰਨਵਾਦ ਕਰਦੇ ਹਾਂ।

ਗ੍ਰੇਵਜ਼ੈਂਡ, ਯੂਕੇ — ਪ੍ਰਸਿੱਧ ਸਿੱਖ ਆਗੂ ਤੇ ਜੁਝਾਰੂ ਸਿੱਖ ਕਵੀ

# ਭਾਈ ਝਲਮਨ ਸਿੰਘ ਢੰਡਾ ਦੇ ਦੇਹਾਂਤ ਨਾਲ ਸਿੱਖ ਭਾਈਚਾਰੇ ਵਿੱਚ ਸ਼ੋਕ ਦੀ ਲਹਿਰ — ਭਾਈ ਰਘਵੀਰ ਸਿੰਘ ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ ਯੂਕੇ



**ਗ੍ਰੇਵਜ਼ੈਂਡ, ਕੈਂਟ (ਯੂਕੇ), 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਗ੍ਰੇਵਜ਼ੈਂਡ, ਕੈਂਟ (ਯੂਕੇ) ਤੋਂ ਦੁਖਦਾਇਕ ਖ਼ਬਰ ਸਾਹਮਣੇ ਆਈ ਹੈ ਕਿ ਪ੍ਰਸਿੱਧ ਸਿੱਖ ਆਗੂ, ਲੇਖਕ ਅਤੇ ਕਵੀ ਭਾਈ ਝਲਮਨ ਸਿੰਘ ਢੰਡਾ ਦਾ ਦੇਹਾਂਤ ਹੋ ਗਿਆ ਹੈ। ਉਨ੍ਹਾਂ ਦੇ ਅਚਾਨਕ ਵਿਛੋੜੇ ਨਾਲ ਯੂਕੇ ਹੀ ਨਹੀਂ, ਸਗੋਂ ਸੰਸਾਰ ਭਰ ਦੀ ਸਿੱਖ ਕੌਮ ਵਿੱਚ ਡੂੰਘੇ ਦੁੱਖ ਦੀ ਲਹਿਰ ਛਾ ਗਈ ਹੈ।ਇੰਟਰਨੈਸ਼ਨਲ ਪੰਥਕ ਦਲ ਯੂਕੇ ਦੇ ਪ੍ਰਧਾਨ ਭਾਈ ਰਘਵੀਰ ਸਿੰਘ ਨੇ ਆਪਣੇ ਪੁਰਾਣੇ ਸਾਥੀ ਦੀ ਯਾਦ ਸਾਂਝੀ ਕਰਦਿਆਂ ਦੱਸਿਆ ਕਿ ਭਾਈ ਝਲਮਨ ਸਿੰਘ ਢੰਡਾ, ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਦੇ ਭਤੀਜੇ) ਵੱਲੋਂ 1984 ਵਿੱਚ ਵਾਲਸਾਲ ਵਿਖੇ ਬਣਾਈ ਗਈ ਇੰਟਰਨੇਸ਼ਨਲ ਸਿੱਖ ਯੂਥ ਫੈਡਰੇਸ਼ਨ ਦੇ ਸੰਸਥਾਪਕ ਮੈਂਬਰਾਂ ਵਿੱਚੋਂ ਇੱਕ ਸਨ। ਉਨ੍ਹਾਂ ਕਿਹਾ ਕਿ ਇਹ ਜਥੇਬੰਦੀ ਸਿਰਫ਼ ਇੱਕ ਸੰਗਠਨ ਨਹੀਂ ਸੀ, ਬਲਕਿ ਇੱਕ ਕੌਮੀ ਅੰਦੋਲਨ ਸੀ, ਜਿਸ ਨੇ ਵਿਸ਼ੇਸ਼ ਤੌਰ 'ਤੇ ਯੂਕੇ ਵਿੱਚ ਸਿੱਖ ਨੌਜਵਾਨਾਂ ਨੂੰ ਕੌਮੀ ਪਛਾਣ, ਹਿੰਮਤ ਅਤੇ ਇਕੱਠ ਵਾਲਾ ਮੰਚ ਦਿੱਤਾ। ਭਾਈ ਝਲਮਨ ਸਿੰਘ ਢੰਡਾ ਨੇ ਇਸ ਜਥੇਬੰਦੀ ਨੂੰ ਖੜ੍ਹਾ ਕਰਨ, ਫੈਲਾਉਣ ਅਤੇ ਮਜ਼ਬੂਤ ਕਰਨ ਵਿੱਚ ਅਹਿਮ ਤੇ ਪਾਧੇ ਵਜੋਂ ਯੋਗਦਾਨ ਪਾਇਆ। ਭਾਈ ਝਲਮਨ ਸਿੰਘ ਢੰਡਾ ਇੱਕ ਕਾਬਿਲ ਲੇਖਕ ਅਤੇ ਕਵੀ ਵੀ ਸਨ। ਉਨ੍ਹਾਂ ਦਾ ਕਲਮ ਹਮੇਸ਼ਾ ਸਿੱਖ ਕੌਮ ਦੀ ਜਾਗਰੂਕਤਾ, ਇਨਸਾਨੀਅਤ, ਇਨਸਾਫ਼ ਅਤੇ ਚੇਤਨਾ ਦੀ ਆਵਾਜ਼ ਬਣਿਆ। ਪੰਜਾਬੀ ਅਤੇ ਸਿੱਖ ਭਾਈਚਾਰੇ ਵਿੱਚ ਉਨ੍ਹਾਂ ਦੀ ਲਿਖਤ ਦਾ ਵੱਡਾ ਸਤਿਕਾਰ ਕੀਤਾ ਜਾਂਦਾ ਸੀ। ਜਵਾਨੀ ਤੋਂ ਹੀ ਉਹ ਕੌਮੀ ਭਲਾਈ, ਸਮਾਜਕ ਸੇਵਾ ਅਤੇ ਨੌਜਵਾਨ ਪੀੜ੍ਹੀ ਨੂੰ ਰਾਹਦਾਰੀ ਦੇਣ ਵਾਲੇ ਕਾਰਜਾਂ ਵਿੱਚ ਸਰਗਰਮ ਰਹੇ। ਨੌਜਵਾਨਾਂ ਲਈ ਉਹ ਹਿੰਮਤ, ਵਿਚਾਰਧਾਰਾ ਅਤੇ ਸਿੱਖਿਆ ਦੇ ਦਰਸ਼ਨ ਬਣੇ ਰਹੇ। **ਪਰਿਵਾਰ, ਦੋਸਤਾਂ, ਸਾਥੀਆਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਮੈਂਬਰਾਂ ਨੇ ਉਨ੍ਹਾਂ ਦੇ ਵਿਛੋੜੇ ਨੂੰ ਸਿੱਖ ਕੌਮ ਲਈ ਇੱਕ ਵੱਡਾ ਅਤੇ ਭਾਰੀ ਨੁਕਸਾਨ ਕਰਾਰ ਦਿੱਤਾ ਹੈ।ਅਕਾਲ ਪੁਰਖ ਉਨ੍ਹਾਂ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਪਰਿਵਾਰ ਤੇ ਜਥੇਬੰਦੀ ਦੇ ਮੈਂਬਰਾਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ੇ।**

# ਲੋਕ ਰੋਹ ਤੋਂ ਬਾਅਦ ਪ੍ਰਸ਼ਾਸਨ ਨੇ ਖਮਤਾ ਪੱਤੀ ਵਿਖੇ ਖੁੱਲ੍ਹੇ ਠੇਕੇ ਨੂੰ ਬੰਦ ਕੀਤਾ

ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਦੇ ਯਤਨਾਂ ਨੂੰ ਬੂਰ ਪਿਆ, ਲੋਕਾਂ ਨੇ ਸੁੱਖ ਦਾ ਸਾਹ ਲਿਆ



ਤਲਵਾੜਾ, ਹੁਸ਼ਿਆਰਪੁਰ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)- ਇੱਥੇ ਨੇੜਲੇ ਪਿੰਡ ਖਮਤਾ ਪੱਤੀ ਵਿਖੇ ਖੁੱਲ੍ਹਿਆ ਸ਼ਰਾਬ ਦਾ ਠੇਕਾ ਲੋਕਾਂ ਅਤੇ ਸਥਾਨਕ ਸਾਬਕਾ ਫੌਜ਼ੀਆਂ ਦੇ ਯਤਨਾਂ ਤੋਂ ਬਾਅਦ ਪ੍ਰਸ਼ਾਸਨ ਨੇ ਬੰਦ ਕਰਵਾ ਦਿੱਤਾ ਹੈ।ਖਣਣ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਤਲਵਾੜਾ ਦੇ ਮੈਂਬਰ ਅਤੇ ਸਾਬਕਾ ਫੌਜੀ ਸਮਿੰਦਰ ਸਿੰਘ ਨੇ ਦਸਿਆ ਕਿ ਪਿੰਡ ਦੀ ਖੇਡ ਨਰਸਰੀ ਦੇ ਸਾਹਮਣੇ ਅਤੇ ਮੰਦਰ ਕੋਲ ਕੁੱਝ ਸ਼ਰਾਰਤੀ ਤੱਤਾਂ ਦੀ ਮਿਲੀਭੁਗਤ ਨਾਲ ਸ਼ਰਾਬ ਦਾ ਠੇਕਾ ਖੋਲ੍ਹਿਆ ਗਿਆ ਸੀ। ਪਿੰਡ ਵਾਸੀਆਂ ਦੇ ਵਿਰੋਧ ਅਤੇ ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਦੇ ਦਖ਼ਲ ਮਗਰੋਂ ਪ੍ਰਸ਼ਾਸਨ ਨੇ ਇਹ ਕਥਿਤ ਠੇਕਾ ਬੰਦ ਕਰਵਾ ਦਿੱਤਾ ਹੈ।ਸੰਘਰਸ਼ ਕਮੇਟੀ ਆਗੂ ਸੁਨੀਲ ਕੌਸ਼ਲ, ਸਾਬਕਾ ਸਰਪੰਚ ਸ਼ਾਮ ਸਿੰਘ ਤੇ ਅਸ਼ਵਨੀ ਕੁਮਾਰ, ਵਿਨੋਦ ਕੁਮਾਰ, ਪੁਸ਼ਿਪੰਦਰ ਸਿੰਘ, ਕੈਪ ਜੋਗਿੰਦਰ ਸਿੰਘ, ਸੁਸ਼ੀਲ ਮੰਗੂ ਮੈਰ੍ਹਾ ਆਦਿ ਨੇ ਦਸਿਆ ਕਿ ਠੇਕੇ ਨੂੰ ਬੰਦ ਕਰਵਾਉਣ ਲਈ ਉਨ੍ਹਾਂ ਵਿਧਾਇਕ ਐਡ ਕਰਮਬੀਰ ਘੁੰਮਣ ਤੋਂ ਇਲਾਵਾ ਜ਼ਿਲ੍ਹਾ ਐਕਸਾਈਜ਼ ਕਮਿਸ਼ਨਰ ਤੱਕ ਸੰਪਰਕ ਸਾਧਿਆ ਸੀ।ਠੇਕਾ ਬੰਦ ਹੋਣ ਉਪਰੰਤ ਪਿੰਡ ਵਾਸੀਆਂ ਨੇ ਸੁੱਖ ਦਾ ਸਾਹ ਲਿਆ ਹੈ।

# ਆਪ ਆਗੂਆਂ 'ਚ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਲਈ ਪੂਰਾ ਉਤਸਾਹ ਦੇਖਣ ਨੂੰ ਮਿਲ ਰਿਹਾ ਹੈ: ਗੋਲਡੀ ਮੀਮਸਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਚਹੁੰਪੱਖੀ ਵਿਕਾਸ ਲਈ ਵਚਨਬੱਧ ਹੈ, ਇਸ ਲਈ ਰਾਜ ਦੇ ਹਰੇਕ ਵਰਗ ਦੀਆਂ ਲੋੜਾਂ ਮੁਤਾਬਕ ਪੰਜਾਬ ਸਰਕਾਰ ਯੋਜਨਾਬੱਧ ਢੰਗ ਨਾਲ ਵਿੱਤੀ ਪ੍ਰਬੰਧ ਕਰਕੇ ਸੂਬੇ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ, ਆਪ ਆਗੂ ਸੁਖਮਨ ਸਿੰਘ ਗੋਲਡੀ ਮੀਮਸਾ ਪ੍ਰਮੁੱਖ ਉਮੀਦਵਾਰ ਬਲਾਕ ਸੰਮਤੀ ਜੋਨ ਮੀਮਸਾ ਨੇ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ ਬਰ ਤਿਆਰ ਹੈ। ਪਹਿਲੀਆਂ ਚੋਣਾਂ ਵਾਂਗ ਇਨ੍ਹਾਂ ਚੋਣਾਂ ਲਈ ਆਪ' ਦੇ ਆਗੂਆਂ ਅਤੇ ਵਲੰਟੀਅਰਾਂ ਵਿੱਚ ਕਾਫੀ ਉਤਸ਼ਾਹ ਪਾਇਆ ਜਾ ਰਿਹਾ ਹੈ।ਪੰਜਾਬ ਦੇ ਲੋਕ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਸਰਕਾਰ ਦੇ ਕੰਮਾਂ ਤੋਂ ਖੁਸ਼ ਹਨ। ਜਿਸ ਕਰਕੇ ਜ਼ਿਲ੍ਹਾ ਪਰਿਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਵਿੱਚ ਉਮੀਦਵਾਰ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਕੇ ਇਤਿਹਾਸ ਰਚਣਗੇ।

# ਮਾਨ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਲੋਕ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ 'ਚ ਉਮੀਦਵਾਰਾਂ ਨੂੰ ਵੱਡੇ ਮਾਰਜਨ ਨਾਲ ਜਿੱਤਾਉਣਗੇ; ਭੁੱਲਰਹੇੜੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਲੋਕ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਸਰਕਾਰ ਦੇ ਕੰਮਾਂ ਤੋਂ ਖੁਸ਼ ਹਨ। ਜਿਸ ਕਰਕੇ ਜ਼ਿਲ੍ਹਾ ਪਰਿਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਵਿੱਚ ਉਮੀਦਵਾਰ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਕੇ ਇਤਿਹਾਸ ਰਚਣਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ,ਨਸ਼ਾ ਮੁਕਤੀ ਅਭਿਆਨ ਦੇ ਹਲਕਾ ਕੋਆਰਡੀਨੇਟਰ ਰਛਪਾਲ ਸਿੰਘ ਭੁੱਲਰਹੇੜੀ ਉਮੀਦਵਾਰ ਜਿਲਾ ਪ੍ਰੀਸ਼ਦ ਜੋਨ ਮੀਮਸਾ ਨੇ ਕੀਤਾ। ਉਨ੍ਹਾਂ ਕਿਹਾ ਕਿ ਸੂਬੇ ਅੰਦਰ ਅਕਾਲੀ ਦਲ ਦਾ ਕੋਈ ਵਜੂਦ ਨਹੀਂ ਹੈ, ਜਦੋਂ ਕਿ ਭਾਜਪਾ ਨੂੰ ਲੋਕ ਪਹਿਲਾਂ ਹੀ ਮੂੰਹ ਨਹੀਂ ਲਾ ਰਹੇ, ਜਿਸ ਦਾ ਪਤਾ ਤਰਨਤਾਰਨ ਦੀ ਉਪ ਚੋਣ ਤੋਂ ਲੱਗ ਚੁੱਕਾ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਕਾਂਗਰਸ ਪੂਰੀ ਤਰ੍ਹਾਂ ਪਾਟੋ-ਧਾੜ ਹੋ ਚੁੱਕੀ ਹੈ ਤੇ ਇਸ ਦੇ ਆਗੂ ਇਕ ਦੂਜੇ ਦੀਆਂ ਲੱਤਾਂ ਖਿੱਚ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲੀਆਂ ਉਪ ਚੋਣਾਂ ਅਤੇ ਪੰਚਾਇਤੀ ਚੋਣਾਂ 'ਚ ਵੀ ਸੂਬੇ ਦੇ ਲੋਕਾਂ ਨੇ ਸਾਥ ਦਿੱਤਾ ਹੈ।ਹੁਣ ਵੀ ਸੂਬੇ ਦੇ ਲੋਕ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਸਾਥ ਦੇ ਕੇ ਪਿੰਡਾਂ ਦੇ ਵਿਕਾਸ ਦਾ ਰਾਹ ਖੋਲਣਗੇ।

# ਬਲਾਕ ਸੰਮਤੀ ਅਤੇ ਜਿਲ੍ਹਾ ਪ੍ਰਸ਼ਿਦ ਚੋਣਾਂ 'ਚ ਆਪ ਉਮੀਦਵਾਰ ਵੱਡੇ ਮਾਰਜਨ ਨਾਲ ਜਿੱਤਣਗੇ ਰਣਜੀਤ ਸਿੰਘ ਧੰਦੀਵਾਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਜਿੱਥੇ ਸੂਬੇ ਭਰ ਵਿਚ ਬਲਾਕ ਸੰਮਤੀ ਅਤੇ ਜਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਹੋਣ ਜਾ ਰਹੀਆਂ ਹਨ ਜਿਸ ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਨਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਆਗੂ ਦੇ ਟਕਸਾਲੀ ਆਗੂ ਰਣਜੀਤ ਸਿੰਘ ਧੰਦੀਵਾਲ ਪ੍ਰਮੁੱਖ ਦਾਅਵੇਦਾਰ ਬਲਾਕ ਸੰਮਤੀ ਜੋਨ ਧੰਦੀਵਾਲ ਨੇ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ ਬਰ ਤਿਆਰ ਹੈ। ਪਹਿਲੀਆਂ ਚੋਣਾਂ ਵਾਂਗ ਇਨ੍ਹਾਂ ਚੋਣਾਂ ਲਈ ਵੀ 'ਆਪ' ਦੇ ਆਗੂਆਂ ਅਤੇ ਵਲੰਟੀਅਰਾਂ ਵਿੱਚ ਕਾਫੀ ਉਤਸ਼ਾਹ ਪਾਇਆ ਜਾ ਰਿਹਾ ਹੈ।

# ਪ੍ਰਸਿੱਧ ਸਿੱਖ ਆਗੂ ਝਲਮਨ ਸਿੰਘ ਢੰਡਾ ਦੇ ਦੇਹਾਂਤ ਨਾਲ ਸਿੱਖ ਭਾਈਚਾਰੇ ਵਿੱਚ ਸ਼ੋਕ ਦੀ ਲਹਿਰ - ਪਰਮਿੰਦਰ ਸਿੰਘ ਬੱਲ ਪ੍ਰਧਾਨ ਸਿੱਖ ਫੈਡਰੇਸ਼ਨ ਯੂ. ਕੇ.



**ਗ੍ਰੇਵਜ਼ੈਂਡ, ਕੈਂਟ (ਯੂਕੇ), 30 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਗ੍ਰੇਵਜ਼ੈਂਡ, ਕੈਂਟ (ਯੂਕੇ) ਤੋਂ ਦੁਖਦਾਇਕ ਖ਼ਬਰ ਸਾਹਮਣੇ ਆਈ ਹੈ ਕਿ ਪ੍ਰਸਿੱਧ ਸਿੱਖ ਆਗੂ, ਲੇਖਕ ਅਤੇ ਕਵੀ ਝਲਮਨ ਸਿੰਘ ਢੰਡਾ ਦਾ ਦੇਹਾਂਤ ਹੋ ਗਿਆ ਹੈ। ਉਨ੍ਹਾਂ ਦੇ ਵਿਛੋੜੇ ਨਾਲ ਯੂਕੇ ਹੀ ਨਹੀਂ, ਸਗੋਂ ਸੰਸਾਰ ਭਰ ਦੀ ਸਿੱਖ ਕੌਮ ਵਿੱਚ ਡੂੰਘਾ ਦੁੱਖ ਵਿਆਪਿਆ ਹੈ। ਸਿੱਖ ਫੈਡਰੇਸ਼ਨ ਯੂਕੇ ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬੱਲ ਨੇ ਆਪਣੇ ਪੁਰਾਣੇ ਸਾਥੀ ਦੀ ਯਾਦ ਸਾਂਝੀ ਕਰਦਿਆਂ ਦੱਸਿਆ ਕਿ ਝਲਮਨ ਸਿੰਘ ਢੰਡਾ ਇੰਟਰਨੇਸ਼ਨਲ ਸਿੱਖ ਯੂਥ ਫੈਡਰੇਸ਼ਨ ਦੇ ਸੰਸਥਾਪਕ ਮੈਂਬਰਾਂ ਵਿੱਚੋਂ ਇੱਕ ਸਨ। 1984 ਵਿੱਚ ਸਥਾਪਿਤ ਇਹ ਸੰਸਥਾ ਸਿਰਫ਼ ਇੱਕ ਤਨਜ਼ੀਮ ਨਹੀਂ ਸੀ, ਬਲਕਿ ਇੱਕ ਵੱਡਾ ਅੰਦੋਲਨ ਸੀ, ਜਿਸ ਨੇ ਯੂਕੇ ਅਤੇ ਵਿਦੇਸ਼ਾਂ ਵਿੱਚ ਸਿੱਖ ਨੌਜਵਾਨਾਂ ਨੂੰ ਇੱਕ ਮਜ਼ਬੂਤ ਕੌਮੀ ਪਛਾਣ ਅਤੇ ਜੁੜਾਅ ਪ੍ਰਦਾਨ ਕੀਤਾ। ਝਲਮਨ ਸਿੰਘ ਨੇ ਇਸ ਫੈਡਰੇਸ਼ਨ ਨੂੰ ਖੜ੍ਹਾ ਕਰਨ ਅਤੇ ਮਜ਼ਬੂਤ ਬਣਾਉਣ ਵਿੱਚ ਕੇਂਦਰੀ ਅਤੇ ਅਹਿਮ ਭੂਮਿਕਾ ਨਿਭਾਈ। ਝਲਮਨ ਸਿੰਘ ਢੰਡਾ ਇੱਕ ਕਾਬਿਲ ਲੇਖਕ ਅਤੇ ਕਵੀ ਦੇ ਰੂਪ ਵਿੱਚ ਜਾਣੇ ਜਾਂਦੇ ਸਨ। ਸਿੱਖ ਅਤੇ ਪੰਜਾਬੀ ਸਮੁਦਾਏ ਵਿੱਚ ਉਨ੍ਹਾਂ ਦੀ ਕਲਮ ਦੀ ਕਦਰ ਕੀਤੀ ਜਾਂਦੀ ਸੀ। ਉਹ ਸਿੱਖ ਕੌਮ ਦੀ ਜਾਗਰੂਕਤਾ, ਚੇਤਨਾ ਅਤੇ ਅਧਿਕਾਰਾਂ ਦੀ ਆਵਾਜ਼ ਦੇ ਪੱਖਧਰ ਸਨ।ਉਨ੍ਹਾਂ ਦਾ ਲਿਖਤਕਾਰ ਰੂਪ ਇਨਸਾਨੀਅਤ, ਗਿਆਨ ਅਤੇ ਕੌਮੀ ਚੇਤਨਾ ਨਾਲ ਭਰਪੂਰ ਸੀ।ਜਵਾਨੀ ਤੋਂ ਹੀ ਉਹ ਸਮਾਜਕ ਸੇਵਾ, ਕੌਮੀ ਭਲਾਈ ਅਤੇ ਨੌਜਵਾਨਾਂ ਨੂੰ ਰਾਹਦਾਰੀ ਦੇਣ ਵਾਲੇ ਕਾਰਜਾਂ ਨਾਲ ਜੁੜੇ ਰਹੇ। ਨੌਜਵਾਨ ਪੀੜ੍ਹੀ ਲਈ ਉਹ ਪ੍ਰੇਰਣਾ, ਹੌਸਲੇ ਅਤੇ ਸਿੱਖਿਆ ਦਾ ਸਦਾ ਜੀਵੰਤ ਸਰੋਤ ਰਹੇ। ਪਰਿਵਾਰ, ਦੋਸਤਾਂ, ਸਾਥੀਆਂ ਅਤੇ ਸਿੱਖ ਫੈਡਰੇਸ਼ਨ ਦੇ ਮੈਂਬਰਾਂ ਨੇ ਉਨ੍ਹਾਂ ਦੇ ਵਿਛੋੜੇ ਨੂੰ ਸਿੱਖ ਕੌਮ ਲਈ ਇੱਕ ਵੱਡਾ ਨੁਕਸਾਨ ਕਰਾਰ ਦਿੱਤਾ ਹੈ।ਅਕਾਲ ਪੁਰਖ ਉਨ੍ਹਾਂ ਦੀ ਆਤਮਾ ਨੂੰ ਸ਼ਾਂਤੀ ਬਖ਼ਸ਼ੇ ਅਤੇ ਪਰਿਵਾਰ ਤੇ ਜਥੇਬੰਦੀ ਦੇ ਮੈਂਬਰਾਂ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

### ਕੈਨੇਡਾ 'ਚ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਮਾਗਮ

# ਉਸਤਾਦ ਬਲਜਿੰਦਰ ਸਿੰਘ ਦਾ ਗੋਲਡ ਮੈਡਲ ਨਾਲ ਸਨਮਾਨ



**ਅੰਮ੍ਰਿਤਸਰ, 29 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਅਪਾਰ ਬਖਸ਼ਿਸ਼ ਨਾਲ ਉਸਤਾਦ ਭਾਈ ਬਲਜਿੰਦਰ ਸਿੰਘ ਜੀ ਦੇ ਉਪਰਾਲੇ ਸਦਕਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਮਹਾਰਾਜ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਸੁੱਖ ਸਾਗਰ ਸਾਹਿਬ, ਨਿਊ ਵੈਸਟ ਮਿਨਿਸਟਰ, ਕੈਨੇਡਾ ਵਿਖੇ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਤੰਤੀ ਸਾਜ਼ਾਂ ਨਾਲ 'ਨੌਂਵੇ ਮਹੱਲੇ ਦੇ ਭੋਗ ਦੇ ਸਲੋਕਾਂ' ਦਾ ਉਸਤਾਦ ਭਾਈ ਬਲਜਿੰਦਰ ਸਿੰਘ ਜੀ ਤੇ ਸਮੂਹ ਵਿਦਿਆਰਥੀਆਂ ਨੇ ਅੰਮ੍ਰਿਤ-ਮਈ ਕੀਰਤਨ ਕੀਤਾ। ਸਮੂਹ ਸੰਗਤਾਂ ਦੇ ਸਹਿਯੋਗ ਨਾਲ ਉਸਤਾਦ ਭਾਈ ਬਲਜਿੰਦਰ ਸਿੰਘ ਜੀ ਦਾ ਖ਼ਾਲਸਈ ਜੈਕਾਰਿਆਂ ਦੀ ਗੂੰਜ ਵਿੱਚ ਗੋਲਡ ਮੈਡਲ ਨਾਲ ਸਨਮਾਨ ਕੀਤਾ ਗਿਆ। ਇਸ ਸਮੇਂ ਗੁਰਸਿੱਖਾਂ ਨੇ ਸਾਂਝੇ ਰੂਪ ਵਿੱਚ ਵਿਚਾਰਾਂ ਦੀ ਸਾਂਝ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਮਹਾਨ ਸਮਾਗਮ ਹਰ ਗੁਰੂ-ਘਰ ਵਿੱਚ 'ਚ ਸਤਿਗੁਰੂ ਦੀ ਕਿਰਪਾ ਸਦਕਾ ਹੁੰਦੇ ਰਹਿਣੇ ਚਾਹੀਦੇ ਹਨ। ਗੁਰੂ ਸਾਹਿਬ ਆਪ ਆਪਣੇ ਗ੍ਰੰਥੀ ਸਿੰਘ, ਰਾਗੀ ਸਿੰਘ, ਢਾਡੀ ਸਿੰਘ, ਕਵੀ ਸਾਹਿਬਾਨਾਂ, ਸੂਰਮਿਆਂ ਦਾ ਸਨਮਾਨ ਕਰਦੇ ਸਨ। ਗੁਰੂ ਸਾਹਿਬਾਨ ਆਪਣੇ ਖ਼ਾਲਸੇ ਦੀ ਸੇਵਾ ਲਾ ਕੇ ਗਏ ਤੁਸੀਂ ਆਪਣੀ ਕੌਮ ਦੇ ਪ੍ਰਚਾਰਕਾਂ ਦਾ ਮਾਣ-ਸਨਮਾਨ ਕਰਦੇ ਰਹਿਣਾ। ਬਹੁਤ ਖ਼ੁਸ਼ੀ ਹੋਈ ਜੋ ਸੇਵਾ ਅੱਜ ਪੰਜ ਸਿੰਘ ਸਾਹਿਬਾਨਾਂ ਨੇ ਨਿਭਾਈ ਹੈ। ਜ਼ਿਕਰਯੋਗ ਹੈ ਕਿ ਉਸਤਾਦ ਭਾਈ ਬਲਜਿੰਦਰ ਸਿੰਘ ਜੀ ਅਨੇਕਾਂ ਵਿਦਿਆਰਥੀਆਂ ਨੂੰ ਤੰਤੀ ਸਾਜ਼ਾਂ ਰਬਾਬ, ਦਿਲਰੁਬਾ, ਸਾਰੰਗੀ ਤਾਊਸ ਆਦਿ ਨਾਲ ਰਾਗ ਵਿੱਦਿਆ ਦੀ ਸਿੱਖਿਆ ਦਿੱਤੀ ਜਾਂਦੀ ਹੈ।

# ਉਲਟਾ ਚੋਰ, ਕੋਤਵਾਲ ਕੋ ਡਾਂਟੇ



ਅਕਾਲੀ ਦਲ ਤੇ ਜਥੇਦਾਰ ਦਾ ਅਹੁਦਾ ਬਾਦਲਾਂ ਨੇ ਖ਼ੁਦ ਰੋਲਿਆਪਹਿਲਾਂ ਤਾਂ ਸੁਖਬੀਰ ਸਿੰਘ ਬਾਦਲ ਨੇ ਅਕਾਲੀ ਦਲ ਦੀ ਸ਼ਾਨ, ਸ਼੍ਰੋਮਣੀ ਕਮੇਟੀ ਦਾ ਵੱਕਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਅਹੁਦੇ ਦੀ ਮਹਾਨਤਾ ਰੋਲ ਦਿੱਤੀ ਤੇ ਹੁਣ ਉਸ ਨੇ ਉਲਟਾ ਸਿੱਖ ਸੰਗਤਾਂ ਨੂੰ ਮਿਹਣੇ ਮਾਰ ਕੇ ਦੋਸ਼ੀ ਠਹਿਰਾਉਣਾ ਸ਼ੁਰੂ ਕਰ ਦਿੱਤਾ ਹੈ ਜਿਸ ਬਾਰੇ ਕਹਿਣਾ ਪਏਗਾ ਕਿ "ਉਲਟਾ ਚੋਰ ਕੋਤਵਾਲ ਕੋ ਡਾਂਟੇ!" ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਦੀ ਸਟੇਜ ਉੱਤੇ ਭਾਸ਼ਣ ਦਿੰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ "ਸ੍ਰੀ ਅਕਾਲ ਤਖ਼ਤ ਸਾਹਿਬ ਸਾਡੀ ਸੁਪਰੀਮ ਅਥਾਰਟੀ ਹੈ ਤੇ ਸਾਡੇ ਸਭ ਤੋਂ ਸਤਿਕਾਰਯੋਗ ਜਥੇਦਾਰ ਸਾਹਿਬ ਹਨ, ਕਿਸੇ ਦੀ ਹਿੰਮਤ ਨਹੀਂ ਸੀ ਹੁੰਦੀ ਕਿ ਉਹ ਜਥੇਦਾਰ ਸਾਹਿਬ ਦੇ ਖ਼ਿਲਾਫ਼ ਕੁਝ ਬੋਲ ਸਕੇ ਤੇ ਜੇਕਰ ਜਥੇਦਾਰ ਸਾਹਿਬ ਦੇ ਖ਼ਿਲਾਫ਼ ਕੋਈ ਬੋਲਦਾ ਹੈ ਤਾਂ ਸਾਨੂੰ ਬਰਦਾਸ਼ਤ ਨਹੀਂ ਕਰਨਾ ਚਾਹੀਦਾ। ਅਕਾਲੀ ਦਲ ਉੱਤੇ ਝੂਠੇ ਬੇਅਦਬੀ ਦੇ ਦੋਸ਼ ਲਗਾ ਕੇ ਭੰਡਿਆ ਗਿਆ, ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਤਾਂ ਗੁਰਦੁਆਰਿਆਂ ਦੀ ਸੇਵਾ ਲਈ ਕੁਰਬਾਨੀਆਂ ਕਰਦੀ ਹੈ, ਮੁੱਖ ਮੰਤਰੀ ਭਗਵੰਤ ਮਾਨ ਸ਼ਰਾਬ ਪੀ ਕੇ ਗੁਰਦੁਆਰੇ ਆਉਂਦਾ ਹੈ ਪਰ ਉਸਨੂੰ ਤਾਂ ਕੋਈ ਕੁਝ ਕਹਿੰਦਾ ਹੀ ਨਹੀਂ।" ਸ਼ਹੀਦੀ ਸ਼ਤਾਬਦੀ ਸਮਾਗਮਾਂ ਵਿੱਚ ਵੀ ਸੁਖਬੀਰ ਬਾਦਲ ਆਪਣੀ ਗੰਧਲੀ ਸਿਆਸਤ ਘੋਟਦਾ ਰਿਹਾ ਤੇ ਆਪਣੇ ਵਿਰੋਧੀਆਂ ਨੂੰ ਨਿਸ਼ਾਨਾ ਬਣਾਉਂਦਾ ਰਿਹਾ, ਤੇ ਉਹ ਦੁਬਾਰਾ ਸੱਤਾ ਹਾਸਲ ਕਰਨ ਲਈ ਤਰਲੋ-ਮੱਛੀ ਹੋਇਆ ਫਿਰਦਾ ਹੈ, ਉਸ ਨੂੰ ਮੁੱਖ ਮੰਤਰੀ ਬਣਨ ਦੀ ਭੁੱਖ ਬਹੁਤ ਸਤਾ ਰਹੀ ਹੈ। ਉਹ ਆਪਣੀਆਂ ਗਲਤੀਆਂ ਅਤੇ ਗੁਨਾਹਾਂ ਨੂੰ ਬਖਸ਼ਾਉਣ ਅਤੇ ਸੁਧਰਨ ਦੀ ਬਜਾਏ ਆਪਣੇ ਪਾਪਾਂ ਉੱਤੇ ਪਰਦਾ ਪਾ ਰਿਹਾ ਹੈ ਤੇ ਜੋ ਕੁਝ ਇਸ ਨੇ ਸ੍ਰੀ ਅਕਾਲ ਤਖਤ ਸਾਹਿਬ ਜਾ ਕੇ ਵੀ ਮੰਨਿਆ ਸੀ ਉਸ ਤੋਂ ਮੁੱਕਰ ਰਿਹਾ ਹੈ ਤਾਂ ਹੀ ਤਾਂ ਸਿੱਖ ਸੰਗਤਾਂ ਹੁਣ ਇਸ ਬਾਦਲ ਦਲ ਨੂੰ ਬੇਅਦਬੀ ਦਲ ਤੇ ਭਗੌੜਾ ਦਲ ਆਖਦੀਆਂ ਹਨ। ਸੁਖਬੀਰ ਸਿੰਘ ਬਾਦਲ ਜਿਸ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਸਤਿਕਾਰ ਦੀ ਗੱਲ ਕਰਦਾ ਹੈ ਉਹ ਗੱਲ ਤਾਂ ਇਸ ਦੇ ਮੂੰਹੋਂ ਫੱਬਦੀ ਹੀ ਨਹੀਂ, ਕਿਉਂਕਿ ਮਰਹੂਮ ਪ੍ਰਕਾਸ਼ ਸਿੰਘ ਬਾਦਲ ਅਤੇ ਸੁਖਬੀਰ ਸਿੰਘ ਬਾਦਲ ਨੇ ਜਥੇਦਾਰ ਸਾਹਿਬਾਨਾਂ ਨਾਲ ਸੀਰੀਆਂ, ਨੌਕਰਾਂ ਅਤੇ ਮੁਲਾਜ਼ਮਾਂ ਨਾਲੋਂ ਵੀ ਭੈੜਾ ਵਿਹਾਰ ਕੀਤਾ ਤੇ ਉਹਨਾਂ ਦੀ ਖੁੱਲ੍ਹ ਕੇ ਹੇਠੀ ਕਰਦਾ ਰਹੇ ਤੇ ਆਪਣੇ ਸਿਆਸੀ ਮੁਫ਼ਾਦਾਂ ਲਈ ਵਰਤਦੇ ਰਹੇ। ਹਾਲੇ ਕੁਝ ਮਹੀਨੇ ਪਹਿਲਾਂ ਦੀ ਹੀ ਗੱਲ ਹੈ ਜਦੋਂ ਸੁਖਬੀਰ ਸਿੰਘ ਬਾਦਲ ਤੇ ਉਸ ਦੇ ਟੋਲੇ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਦਾ ਰੱਜ ਕੇ ਅਪਮਾਨ ਕੀਤਾ। ਸੁਖਬੀਰ ਤੇ ਉਸ ਦੀ ਜੁੰਡਲੀ ਹੁਣ ਤੱਕ ਵੀ ਇਹਨਾਂ ਜਥੇਦਾਰਾਂ ਦੀ ਹਰ ਰੋਜ਼ ਕਿਰਦਾਰਕੁਸ਼ੀ ਕਰਦੀ ਹੈ ਤੇ ਇਹੀ ਕੁਝ ਕਿਸੇ ਸਮੇਂ ਬਾਦਲਾਂ ਨੇ ਨਰਕਧਾਰੀ ਗੁਰਬਚਨੇ ਨੂੰ ਸੋਧਣ ਵਾਲੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਭਾਈ ਰਣਜੀਤ ਸਿੰਘ ਨਾਲ ਸੰਨ 1999 ਵਿੱਚ ਕੀਤਾ ਸੀ। ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਪ੍ਰੋਫੈਸਰ ਮਨਜੀਤ ਸਿੰਘ ਉੱਤੇ ਤਾਂ ਸੰਨ 1994 ਵਿੱਚ ਪ੍ਰਕਾਸ਼ ਸਿੰਘ ਬਾਦਲ ਤੇ ਉਸ ਦੇ ਬਦਮਾਸ਼ ਟੋਲੇ ਨੇ ਕਾਤਲਾਨਾ ਹਮਲਾ ਕਰ ਦਿੱਤਾ ਸੀ ਤੇ ਜਥੇਦਾਰ ਨੂੰ ਬੇਹੱਦ ਗੰਦੀਆਂ ਗਾਲ੍ਹਾਂ ਕੱਢੀਆਂ ਤੇ ਜਥੇਦਾਰ ਦੇ ਕਮਰੇ ਦਾ ਬੂਹਾ ਵੀ ਭੰਨ ਦਿੱਤਾ ਸੀ। ਉਸ ਸਮੇਂ ਜਥੇਦਾਰ ਨੇ ਬਾਦਲਾਂ ਦੀ ਗੁੰਡਾਗਰਦੀ ਤੋਂ ਡਰਦਿਆਂ ਬਾਥਰੂਮ 'ਚ ਲੁਕ ਕੇ ਆਪਣੀ ਜਾਨ ਬਚਾਈ ਸੀ। ਸੰਨ 2008 ਵਿੱਚ ਜਥੇਦਾਰ ਜੋਗਿੰਦਰ ਸਿੰਘ ਵੇਦਾਂਤੀ ਨੂੰ ਅਹੁਦੇ ਤੋਂ ਲਾਹ ਕੇ ਪਰ੍ਹਾਂ ਮਾਰਿਆ। ਸੰਨ 2015 ਵਿੱਚ ਸੁਖਬੀਰ ਬਾਦਲ ਤੇ ਉਸਦੇ ਪਿਓ ਨੇ ਆਪਣੀ ਚੰਡੀਗੜ੍ਹ ਸਰਕਾਰੀ ਕੋਠੀ ਵਿੱਚ ਤਿੰਨ ਜਥੇਦਾਰਾਂ ਗਿਆਨੀ ਗੁਰਬਚਨ ਸਿੰਘ, ਗਿਆਨੀ ਮੱਲ ਸਿੰਘ ਤੇ ਗਿਆਨੀ ਗੁਰਮੁਖ ਸਿੰਘ ਨੂੰ ਤਲਬ ਕੀਤਾ ਤੇ ਉਹਨਾਂ ਨੂੰ ਹੁਕਮ ਸੁਣਾਇਆ ਕਿ ਬਲਾਤਕਾਰੀ ਅਤੇ ਪੰਥ ਦੋਖੀ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਮਾਫੀ ਦਿੱਤੀ ਜਾਏ ਤੇ ਉਹਨਾਂ ਨੂੰ ਡਰਾਇਆ-ਧਮਕਾਇਆ ਵੀ ਗਿਆ ਤੇ ਲਾਲਚ ਵੀ ਦਿੱਤੇ ਗਏ ਜਿਸ ਦੇ ਖੁਲਾਸੇ ਬਾਅਦ ਵਿੱਚ ਗਿਆਨੀ ਗੁਰਮੁਖ ਸਿੰਘ ਨੇ ਵੀ ਮੀਡੀਆ ਵਿੱਚ ਕੀਤੇ ਸਨ। ਸਿਰਸੇ ਵਾਲੇ ਨੂੰ ਮਾਫੀ ਦੇਣ ਉੱਤੇ ਤਖ਼ਤਾਂ ਦੇ ਜਥੇਦਾਰਾਂ ਦਾ ਖ਼ਾਲਸਾ ਪੰਥ ਵੱਲੋਂ ਐਨਾ ਭਾਰੀ ਵਿਰੋਧ ਹੋਇਆ ਕਿ ਜਥੇਦਾਰਾਂ ਨੂੰ ਜਾਰੀ ਹੁਕਮਨਾਮਾ ਰੱਦ ਕਰਨਾ ਪਿਆ ਤੇ ਜਥੇਦਾਰਾਂ ਦਾ ਸਤਿਕਾਰ ਪੂਰੀ ਤਰ੍ਹਾਂ ਰੁਲ ਗਿਆ। ਇਸ ਸਾਰੇ ਪੁਆੜੇ ਦੀ ਜੜ੍ਹ ਸੁਖਬੀਰ ਹੀ ਸੀ ਜੋ ਹੁਣ ਪੰਥ ਨੂੰ ਜਥੇਦਾਰਾਂ ਬਾਰੇ ਮੱਤਾਂ ਦਿੰਦਾ ਫਿਰਦਾ ਹੈ। 2 ਦਸੰਬਰ 2024 ਨੂੰ ਜਦੋਂ ਜਥੇਦਾਰਾਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੀ ਫ਼ਸੀਲ ਤੋਂ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦਿੱਤਾ ਅਤੇ ਅਜੋਕੀ ਅਕਾਲੀ ਲੀਡਰਸ਼ਿਪ ਨੂੰ ਅਯੋਗ ਆਖਿਆ, ਪ੍ਰਕਾਸ਼ ਸਿੰਘ ਬਾਦਲ ਤੋਂ ਫ਼ਖ਼ਰ ਏ ਕੌਮ ਅਵਾਰਡ ਵਾਪਸ ਲਿਆ ਤੇ ਸੱਤ ਮੈਂਬਰੀ ਕਮੇਟੀ ਬਣਾਈ ਤਾਂ ਸੁਖਬੀਰ ਸਿੰਘ ਬਾਦਲ ਨੇ ਜਥੇਦਾਰਾਂ ਨੂੰ ਹੀ ਨਿਸ਼ਾਨਾ ਬਣਾ ਲਿਆ। ਜਥੇਦਾਰਾਂ ਨੇ ਸੁਖਬੀਰ ਨੂੰ ਤਲਬ ਕੀਤਾ ਸੀ, ਤੇ ਫਿਰ ਸੁਖਬੀਰ ਬਾਦਲ ਨੇ ਸ਼੍ਰੋਮਣੀ ਕਮੇਟੀ ਨੂੰ ਤਲਬ ਕਰ ਲਿਆ ਤੇ ਸ਼੍ਰੋਮਣੀ ਕਮੇਟੀ ਨੇ ਜਥੇਦਾਰਾਂ ਨੂੰ ਤਲਬ ਕਰਦਿਆਂ ਅਹੁਦਿਆਂ ਤੋਂ ਫਾਰਗ ਕਰ ਦਿੱਤਾ। ਕੀ ਜਥੇਦਾਰਾਂ ਦੀ ਇਹ ਹਾਲਤ ਕਰਨ ਵਾਲਾ ਸੁਖਬੀਰ ਸਿੰਘ ਬਾਦਲ ਹੁਣ ਕੌਮ ਨੂੰ ਦੱਸੇਗਾ ਕਿ ਜਥੇਦਾਰਾਂ ਦਾ ਸਤਿਕਾਰ ਕਿਵੇਂ ਕਰਨਾ ਹੈ ? ਸੁਖਬੀਰ ਸਿੰਘ ਬਾਦਲ ਲਈ ਜਥੇਦਾਰ ਤਾਂ ਛੱਡੋ, ਉਸ ਦੇ ਮਨ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪ੍ਰਤੀ ਵੀ ਕੋਈ ਸਤਿਕਾਰ ਨਹੀਂ। ਤਾਂ ਹੀ ਬਾਦਲਾਂ ਦੇ ਰਾਜ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦਾ ਪਾਵਨ ਸਰੂਪ ਚੋਰੀ ਹੋਇਆ, ਸੜਕਾਂ 'ਤੇ ਰੁਲਿਆ, ਅੰਗ ਪਾੜ ਕੇ ਭਾਰੀ ਬੇਅਦਬੀ ਹੋਈ ਪਰ ਸੁਖਬੀਰ ਸਿੰਘ ਬਾਦਲ ਦੇ ਕੰਨ ਉਤੇ ਜੂੰ ਨਾ ਸਰਕੀ। ਉਹ ਆਪਣੇ ਪਿਤਾ ਸਮਾਨ ਭਾਪੇ ਡੇਰਾ ਸਿਰਸਾ ਮੁਖੀ ਨਾਲ ਯਾਰੀ ਨਿਭਾਉਂਦਾ ਰਿਹਾ। ਸੁਖਬੀਰ ਸਿੰਘ ਬਾਦਲ ਅਤੇ ਡੇਰਾ ਸਿਰਸਾ ਮੁਖੀ ਦੀ ਯਾਰੀ ਨੇ ਸ਼੍ਰੋਮਣੀ ਅਕਾਲੀ ਦਲ ਵੀ ਰੋਲ ਦਿੱਤਾ। ਬੇਅਦਬੀ ਦਾ ਇਨਸਾਫ਼ ਮੰਗਣ ਵਾਲੇ ਗੁਰਸਿੱਖਾਂ ਉੱਤੇ ਸੁਖਬੀਰ ਸਿੰਘ ਬਾਦਲ ਦੇ ਹੁਕਮ ਉੱਤੇ ਪੁਲਿਸ ਨੇ ਗੋਲੀ ਚਲਾਈ, ਦੋ ਸਿੰਘ ਸ਼ਹੀਦ ਅਤੇ ਅਨੇਕਾਂ ਜ਼ਖ਼ਮੀ ਹੋਏ। ਜਿਸ ਬੁੱਚੜ ਸੁਮੇਧ ਸੈਣੀ ਅਤੇ ਇਜਹਾਰ ਆਲਮ ਨੇ ਸਿੱਖ ਨੌਜਵਾਨਾਂ ਦੇ ਝੂਠੇ ਪੁਲਿਸ ਮੁਕਾਬਲੇ ਬਣਾਏ ਸਨ, ਬਾਦਲਾਂ ਨੇ ਆਪਣੇ ਰਾਜ ਵਿੱਚ ਉਹਨਾਂ ਨੂੰ ਵੱਡੇ ਅਹੁਦੇ ਦਿੱਤੇ। ਸੁਖਬੀਰ ਕਹਿੰਦਾ ਸੀ ਕਿ "ਜੇਕਰ ਪੰਜਾਬ ਵਿੱਚ ਕੋਈ ਕੀੜੀ ਵੀ ਤੁਰੀ ਜਾਂਦੀ ਹੈ ਤਾਂ ਉਹ ਵੀ ਉਸਨੂੰ ਨਜ਼ਰ ਆਉਂਦੀ ਹੈ।" ਪਰ ਇਸ ਸੁਖਬੀਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਰੁਲਦੇ ਅੰਗ ਨਜ਼ਰ ਨਾ ਆਏ। ਡੇਰਾ ਸਿਰਸਾ ਵਾਲਿਆਂ ਨੇ ਪੋਸਟਰ ਲਾ ਕੇ ਆਖਿਆ ਕਿ "ਸਿੱਖੋ! ਤੁਹਾਡਾ ਗੁਰੂ ਸਾਡੇ ਕੋਲ ਹੈ, ਜੇ ਬਚਾ ਸਕਦੇ ਹੋ ਤਾਂ ਬਚਾ ਲਵੋ।" ਪਰ ਸੁਖਬੀਰ ਸਿੰਘ ਬਾਦਲ ਬੇਅਦਬੀ ਹੋਣ ਦਾ ਇੰਤਜ਼ਾਰ ਕਰਦਾ ਰਿਹਾ। ਅੱਜ ਸੁਖਬੀਰ ਸਿੰਘ ਬਾਦਲ ਆਖਦਾ ਹੈ ਕਿ "ਖਾਲਸਾ ਜੀ! ਜਾਗੋ ਤੇ ਅਕਾਲੀ ਦਲ ਦੀ ਸਰਕਾਰ ਬਣਾਓ।" ਇਸ ਭੜੂਏ ਨੂੰ ਹੁਣ ਕੌਣ ਸਮਝਾਵੇ ਕਿ ਖਾਲਸਾ ਤਾਂ ਹਮੇਸ਼ਾਂ ਜਾਗਦਾ ਹੀ ਹੈ ਤੇ ਤੂੰ ਹੀ ਸੁੱਤਾ ਪਿਆ ਸੀ। ਤੁਸੀਂ ਜੋ ਪੰਥ ਦੇ ਸਿਧਾਂਤਾਂ ਦਾ ਘਾਣ ਕੀਤਾ, ਸ਼੍ਰੋਮਣੀ ਕਮੇਟੀ ਨੇ ਸਿੱਖ ਇਤਿਹਾਸ ਨਾਮ ਦੀ ਕਿਤਾਬ ਛਾਪ ਕੇ ਜੋ ਗੁਰੂ ਸਾਹਿਬਾਨਾਂ ਦਾ ਉਸ ਵਿੱਚ ਅਪਮਾਨ ਕੀਤਾ, ਇਸ ਬਦਲੇ ਤਾਂ ਜਥੇਦਾਰਾਂ ਨੂੰ ਤੁਹਾਡੇ ਹੱਥ ਵੱਢ ਦੇਣੇ ਚਾਹੀਦੇ ਸੀ। ਗੁਰੂ ਸਾਹਿਬਾਨਾਂ ਬਾਰੇ ਇਸ ਤਰ੍ਹਾਂ ਛਾਪਣ ਲੱਗਿਆਂ ਤੁਹਾਨੂੰ ਸ਼ਰਮ ਨਾ ਆਈ। ਤੁਸੀਂ ਜਿਸ ਗੁਰੂ ਦਾ ਦਿੱਤਾ ਖਾਂਦੇ ਹੋ, ਉਸੇ ਦਾ ਹੀ ਤ੍ਰਿਸਕਾਰ ਕਰਦੇ ਹੋ, ਤੁਹਾਡੀ ਮੱਤ ਮਾਰੀ ਗਈ ਹੈ, ਤੁਹਾਡੇ ਵਿੱਚ ਨਰੈਣੂ ਮਹੰਤ ਤੇ ਮਸੰਦਾਂ ਦੀ ਰੂਹ ਵੜ ਚੁੱਕੀ ਹੈ। ਸੁਖਬੀਰ ਕਹਿੰਦਾ ਕਿ "ਭਗਵੰਤ ਮਾਨ ਸ਼ਰਾਬ ਪੀ ਕੇ ਗੁਰਦੁਆਰੇ ਆਉਂਦਾ ਉਸ ਨੂੰ ਕੋਈ ਨਹੀਂ ਰੋਕਦਾ।" ਸੁਖਬੀਰ ਨੂੰ ਅਸੀਂ ਪੁੱਛਦੇ ਹਾਂ ਕਿ ਤੁਹਾਡੇ ਹੱਥ ਟੁੱਟੇ ਹਨ, ਕਿਸੇ ਨੇ ਹੱਥ ਬੰਨ੍ਹੇ ਹਨ, ਕਿੱਥੇ ਹੈ ਸ਼੍ਰੋਮਣੀ ਕਮੇਟੀ ਦੀ ਟਾਸਕ ਫੋਰਸ, ਕਿੱਥੇ ਨੇ ਤੁਹਾਡੇ ਅਕਾਲੀ ਦਲ ਦੇ ਯੋਧੇ ਜੋ ਪੰਥਪ੍ਰਸਤ ਅਤੇ ਖਾਲਿਸਤਾਨੀ ਗੁਰਸਿੱਖਾਂ ਦੇ ਡਾਂਗਾਂ ਮਾਰਦੇ ਹਨ ਅਤੇ ਪੱਗਾਂ ਲਾਹੁੰਦੇ ਹਨ। ਭਗਵੰਤ ਮਾਨ ਦੇ ਵੇਲੇ ਤੁਸੀਂ ਚੂੜੀਆਂ ਕਿਉਂ ਪਾ ਲੈਂਦੇ ਹੋ, ਕਰੋ ਪੁਰਾਤਨ ਅਕਾਲੀਆਂ ਵਾਂਗ ਕੁਰਬਾਨੀ, ਤੁਹਾਡੇ ਹੱਡਾਂ ਵਿੱਚ ਹਰਾਮ ਕਿਉਂ ਪਿਆ ਹੈ ? ਅੱਜ ਹਰੇਕ ਸਿੱਖ ਕੌਮ ਦੇ ਬੱਚੇ, ਬਜ਼ੁਰਗ, ਨੌਜਵਾਨ ਅਤੇ ਬੀਬੀ ਨੂੰ ਪਤਾ ਹੈ ਕਿ ਸ਼੍ਰੋਮਣੀ ਅਕਾਲੀ ਦਲ, ਸ਼੍ਰੋਮਣੀ ਕਮੇਟੀ ਅਤੇ ਜਥੇਦਾਰਾਂ ਦੇ ਅਹੁਦਿਆਂ ਦੀ ਸ਼ਾਨ ਨੂੰ ਰੋਲਣ ਵਾਲਾ ਕੋਈ ਹੋਰ ਨਹੀਂ, ਬਲਕਿ ਪੰਥ ਅਤੇ ਪੰਜਾਬ ਦਾ ਗ.ਦਾਰ ਸੁਖਬੀਰ ਸਿੰਘ ਬਾਦਲ ਹੀ ਹੈ।



**- ਰਣਜੀਤ ਸਿੰਘ ਦਮਦਮੀ ਟਕਸਾਲ(ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ)ਮੋ : 8872293883**

## ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਪੱਟੀ ਵਿਖੇ 'ਅੱਜ ਦਾ ਅਭਿਮਨਿਊ' ਨਾਂ ਹੇਠ ਕਰਵਾਇਆ ਗਿਆ ਸਲਾਨਾ ਇਨਾਮ ਵੰਡ ਸਮਾਰੋਹ




**ਪੱਟੀ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਚੀਫ਼ ਖ਼ਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਅੰਮ੍ਰਿਤਸਰ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਪੱਟੀ ਵਿਖੇ 'ਅੱਜ ਦਾ ਅਭਿਮਨਿਊ' ਨਾਂ ਹੇਠ ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਚੀਫ਼ ਖ਼ਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜ਼ਰ ਨੇ ਇਸ ਸਮਾਰੋਹ ਵਿਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਇਨ੍ਹਾਂ ਤੋਂ ਇਲਾਵਾ ਰਮਣੀਕ ਸਿੰਘ ਆਨਰੇਰੀ ਸੈਕਰੇਟਰੀ ਚੀਫ਼ ਖਾਲਸਾ ਦੀਵਾਨ, ਜਸਪਾਲ ਸਿੰਘ ਢਿੱਲੋਂ ਐਡੀਸ਼ਨਲ ਆਨਰੇਰੀ ਸੈਕਰੇਟਰੀ ਚੀਫ਼ ਖਾਲਸਾ ਦੀਵਾਨ ਅਤੇ ਚੀਫ਼ ਖਾਲਸਾ ਦੀਵਾਨ ਦੇ ਹੋਰ ਮੈਂਬਰ ਸਹਿਬਾਨ ਨੇ ਵੀ ਇਸ ਸਮਾਰੋਹ ਵਿੱਚ ਸ਼ਮੂਲੀਅਤ ਕੀਤੀ ।ਸਕੂਲ ਦੇ ਵਿਦਿਆਰਥੀਆਂ ਵੱਲੋਂ ਉਨ੍ਹਾਂ ਦਾ ਬੈਂਡ ਨਾਲ ਸਵਾਗਤ ਕੀਤਾ ਗਿਆ। ਸਕੂਲ ਦੇ ਮੈਂਬਰ ਇੰਚਾਰਜ ਗੁਰਬੀਰ ਸਿੰਘ ਢਿੱਲੋਂ, ਤਰਲੋਕ ਸਿੰਘ, ਸਰਬਜੀਤ ਸਿੰਘ ਅਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਜਸਬੀਰ ਸੈਣੀ ਨੇ ਸਾਰਿਆਂ ਨੂੰ ਜੀ ਆਇਆਂ ਕਿਹਾ ਅਤੇ ਧੰਨਵਾਦ ਕੀਤਾ। ਸਮਾਗਮ ਦੀ ਆਰੰਭਤਾ ਬੱਚਿਆਂ ਵਲੋਂ ਸ਼ਬਦ ਗਾਇਨ ਕਰਕੇ ਕੀਤੀ ਗਈ। ਸਕੂਲ ਦੇ ਬੱਚਿਆਂ ਵਲੋਂ ਪੰਜਾਬੀ ਲੋਕ-ਨਾਚ ਭੰਗੜਾ, ਗਿੱਧਾ ਅਤੇ ਡਾਂਸ ਪੇਸ਼ ਕੀਤੇ ਗਏ। ਇਸ ਤੋਂ ਇਲਾਵਾ ਅੱਜ ਦਾ ਅਭਿਮਨਿਊ ਨੂੰ ਦਰਸਾਉਂਦੀ ਕੋਰੀਓਗ੍ਰਾਫ਼ੀ ਪੇਸ਼ ਕੀਤੀ ਗਈ। ਇਸ ਪ੍ਰੋਗਰਾਮ ਦਾ ਸਾਰਿਆਂ ਨੇ ਬਹੁਤ ਆਨੰਦ ਮਾਣਿਆ। ਇਸ ਮੌਕੇ ਸਕੂਲ ਵਿੱਚ ਆਰਟ ਪ੍ਰਦਰਸ਼ਨੀ ਲਗਾਈ ਗਈ। ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਜਸਬੀਰ ਸੈਣੀ ਨੇ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਦੱਸਦਿਆਂ ਕਿਹਾ ਕਿ ਸਾਡੇ ਸਕੂਲ ਦੇ ਵਿਦਿਆਰਥੀ ਵਿੱਦਿਅਕ, ਖੇਡ, ਵਿਗਿਆਨਕ, ਸੱਭਿਆਚਾਰਕ ਖੇਤਰਾਂ ਵਿੱਚ ਮੱਲਾਂ ਮਾਰ ਰਹੇ ਹਨ। ਉਨ੍ਹਾਂ ਦੱਸਿਆ ਕਿ ਸਕੂਲ ਵਿੱਚ ਆਧੁਨਿਕ ਤਰੀਕੇ ਨਾਲ ਸਿੱਖਿਆ ਦੇਣ ਲਈ ਸਮਾਰਟ ਕਲਾਸਾਂ ਦਾ ਵੀ ਪ੍ਰਬੰਧ ਹੈ ਤਾਂ ਜੋ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਇਆ ਜਾ ਸਕੇ। ਵੱਖ-ਵੱਖ ਖੇਤਰਾਂ ਵਿੱਚ ਅੱਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਮੁੱਖ ਮਹਿਮਾਨ ਵੱਲੋਂ ਇਨਾਮ ਤਕਸੀਮ ਕੀਤੇ ਗਏ। ਮੁੱਖ ਮਹਿਮਾਨ ਨੇ ਬੱਚਿਆਂ ਦੀ ਹੌਂਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਸਕੂਲੀ ਸਿੱਖਿਆ ਦੇ ਨਾਲ-ਨਾਲ ਨੈਤਿਕ ਸਿੱਖਿਆ ਦੇਣਾ ਵੀ ਅਧਿਆਪਕਾਂ ਅਤੇ ਮਾਪਿਆਂ ਦਾ ਫਰਜ਼ ਹੈ ।ਉਨ੍ਹਾਂ ਨੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ -ਨਾਲ ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ।ਉਨ੍ਹਾਂ ਨੇ ਮਾਪਿਆਂ ਨੂੰ ਬੱਚਿਆਂ ਦਾ ਰੋਲ ਮਾਡਲ ਬਣਨ, ਉਨ੍ਹਾਂ ਦੀਆਂ ਰੁਚੀਆਂ ਨੂੰ ਸਮਝਣ ਅਤੇ ਜੀਵਨ ਦੀਆਂ ਮੁਸ਼ਕਿਲਾਂ ਨੂੰ ਹੱਲ ਕਰਨ ਵਿੱਚ ਸਾਥ ਦੇਣ ਲਈ ਕਿਹਾ । ਉਨ੍ਹਾਂ ਬੱਚਿਆਂ ਨੂੰ ਸੰਬੋਧਨ ਕਰਦਿਆਂ ਜੀਵਨ ਵਿੱਚ ਵੱਡੇ ਸੁਪਨੇ ਵੇਖਣ ਅਤੇ ਉਨ੍ਹਾਂ ਨੂੰ ਪੂਰਾ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰਨ ਲਈ ਪ੍ਰੇਰਿਤ ਕੀਤਾ। ਮੁੱਖ ਮਹਿਮਾਨ ਵੱਲੋਂ ਸਿੱਖੀ ਦੀ ਅਹਿਮੀਅਤ ਬਾਰੇ ਦੱਸਦੇ ਹੋਏ ਮਾਪਿਆਂ ਨੂੰ ਕਿਹਾ ਕਿ ਉਹ ਆਪ ਵੀ ਸਿੱਖੀ ਨਾਲ ਜੁੜਨ ਅਤੇ ਬੱਚਿਆਂ ਨੂੰ ਵੀ ਸਿੱਖੀ ਨਾਲ ਜੋੜਨ ਤਾਂ ਜੋ ਅਸੀਂ ਸਿੱਖੀ ਦੇ ਵਡਮੁੱਲੇ ਇਤਿਹਾਸ ਨੂੰ ਵਿਸਾਰ ਨਾ ਸਕੀਏ । ਸਕੂਲ ਵਲੋਂ ਰਿਫਰੈਸ਼ਮੈਂਟ ਦਾ ਖਾਸ ਪ੍ਰਬੰਧ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸਟੇਜ ਸੰਚਾਲਕ ਦੀ ਭੂਮਿਕਾ ਸਕੂਲ ਦੇ ਵਿਦਿਆਰਥੀਆਂ ਗੁਰਸਾਜਨ ਸਿੰਘ, ਰਿਪਨਪ੍ਰੀਤ ਕੌਰ ਅਤੇ ਹਰਸਿਮਰਨ ਕੌਰ ਵਲੋਂ ਬਾਖੂਬੀ ਨਿਭਾਈ ਗਈ ।ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਨੀਰੂ ਸ਼ਰਮਾ, ਸੁਪਰਵਾਈਜ਼ਰ ਕਰਮਜੀਤ ਕੌਰ, ਪਰਦੀਪ ਕੌਰ, ਰੁਪਿੰਦਰ ਕੌਰ ਨੰਦਾ, ਰਣਜੀਤ ਕੌਰ, ਹਰਪ੍ਰੀਤ ਕੌਰ ਚੀਮਾ, ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

## ਨਵੰਬਰ ਸਿਤਾਰਿਆਂ ਨੇ ਫੈਲਾਈ ਖ਼ੁਸ਼ੀਆਂ: ਐੱਮ. ਟੀ. ਐੱਸ. ਬਰਨਾਲਾ ਵਿੱਚ ਜਨਮਦਿਨ ਸਮਾਰੋਹ ਆਯੋਜਿਤ

**ਬਰਨਾਲਾ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)-**ਐੱਮ.ਟੀ.ਐੱਸ. ਬਰਨਾਲਾ ਵਿੱਚ ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਨਵੰਬਰ ਮਹੀਨੇ ਵਿੱਚ ਜਨਮੇ ਸਾਰੇ ਮਦਰਾਈਟਸ ਦਾ ਜਨਮਦਿਨ ਬੜੇ ਹੀ ਉਤਸ਼ਾਹ ਅਤੇ ਸਮਾਜਿਕ ਜ਼ਿੰਮੇਵਾਰੀ ਦੇ ਸੁਨੇਹੇ ਨਾਲ ਮਨਾਇਆ ਗਿਆ। ਨੰਨ੍ਹੇ ਬੱਚਿਆਂ ਨੇ ਬਰਨਾਲਾ ਗਊਸ਼ਾਲਾ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਪਿਆਰ ਨਾਲ ਗਾਵਾਂ ਨੂੰ ਚਾਰਾ ਪਾਇਆ ਅਤੇ ਪਸ਼ੂਆਂ ਪ੍ਰਤੀ ਦਇਆ ਦਾ ਸੁੰਦਰ ਸਬਕ ਸਿੱਖਿਆ। ਬੱਚਿਆਂ ਨੇ ਪੌਦੇ ਵੀ ਲਗਾਏ, ਜੋ ਵਿਕਾਸ ਅਤੇ ਜ਼ਿੰਮੇਵਾਰੀ ਦਾ ਪ੍ਰਤੀਕ ਹਨ, ਅਤੇ ਜ਼ਰੂਰਤਮੰਦਾਂ ਦੀ ਮਦਦ ਕਰਕੇ ਇਸ ਦਿਨ ਨੂੰ ਹੋਰ ਵੀ ਅਰਥਪੂਰਣ ਬਣਾਇਆ। ਸਕੂਲ ਵਾਪਸ ਆ ਕੇ ਖ਼ਾਸ ਕੇਕ ਕੱਟਿੰਗ ਸਮਾਰੋਹ ਨੇ ਮਾਹੌਲ ਵਿੱਚ ਰੌਣਕ ਭਰ ਦਿੱਤੀ। ਨੱਚ-ਗਾਣੇ ਨਾਲ ਸਾਰਾ ਸਕੂਲ ਖ਼ੁਸ਼ੀਆਂ ਨਾਲ ਝੂਮ ਉਠਿਆ। ਇਹ ਖ਼ਾਸ ਸਮਾਰੋਹ ਮਨੋਰੰਜਨ ਦੇ ਨਾਲ- ਨਾਲ ਸੰਵੇਦਨਾ, ਕ੍ਰਿਤਜਤਾ ਅਤੇ ਪ੍ਰਕਿਰਤੀ-ਪ੍ਰੇਮ ਦਾ ਪ੍ਰੇਰਕ ਸੁਨੇਹਾ ਦੇ ਕੇ ਸਭ ਲਈ ਯਾਦਗਾਰ ਬਣ ਗਿਆ।

### ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵੱਲੋਂ ਪਿੰਡਾਂ 'ਚ ਚੱਲ ਰਹੀ

## ਕਿਸਾਨਾਂ ਦੀ ਜਮੀਨ ਪੱਧਰੀ ਕਾਰਨ ਅਤੇ ਕਣਕ ਬੀਜਣ ਦੀ ਸੇਵਾ ਸੰਪੂਰਨ ਹੋ ਜਾਵੇਗੀ: ਜਥੇਦਾਰ ਹਰੀ ਸਿੰਘ ਰੱਤੋਕੇ

**ਚੋਹਲਾ ਸਾਹਿਬ, 30 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਇਸ ਮਹੀਨੇ 2 ਨਵੰਬਰ ਨੂੰ ਦਰਿਆ ਬਿਆਸ ਦੇ ਪਾਣੀ ਦੀ ਮਾਰ ਹੇਠ ਆਏ ਪਿੰਡ ਕਰਮੂਵਾਲਾ ਘੜਕਾ ਅਤੇ ਧੁੰਨ ਦੀਆਂ ਜ਼ਮੀਨਾਂ ਪੱਧਰੀਆਂ ਕਰਨ ਦੀ ਸੇਵਾ ਆਰੰਭ ਕੀਤੀ ਗਈ ਸੀ, ਜੋ ਲਗਭਗ 500 ਏਕੜ ਦੇ ਕਰੀਬ ਸੀ। ਰੋਜਾਨਾ ਸਵੇਰ ਤੋਂ ਸ਼ਾਮ ਤੱਕ ਲਗਾਤਾਰ ਟਰੈਕਟਰ ਚੱਲ ਰਹੇ ਹਨ। ਅੱਜ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਹਰੀ ਸਿੰਘ ਰੱਤੋਕੇ ਨੇ ਦੱਸਿਆ ਕਿ ਪਿੰਡ ਕਰਮੂਵਾਲਾ ਅਤੇ ਘੜਕਾ ਵਿਖੇ ਲਗਭਗ 500 ਏਕੜ ਜ਼ਮੀਨ ਪੱਧਰੀ ਕਰਕੇ ਕਣਕ ਬੀਜਣ ਦੀ ਸੇਵਾ ਚੱਲ ਰਹੀ ਸੀ, ਜਿਸ ਲਈ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵੱਲੋਂ ਹਰ ਪ੍ਰਕਾਰ ਦੀ ਮਦਦ ਸਮੇਂ ਸਿਰ ਪਹੁੰਚ ਰਹੀ ਹੈ। ਕੁਝ ਦਿਨ ਦੀ ਸੇਵਾ ਬਾਕੀ ਬਚੀ ਹੈ। ਲਗਭਗ 40 ਟ੍ਰੈਕਟਰ ਸੇਵਾ ਵਿਚ ਨਿਰੰਤਰ ਚੱਲ ਰਹੇ ਹਨ। ਮਹਾਂਪੁਰਖਾਂ ਦੇ ਅਸ਼ੀਰਵਾਦ ਅਤੇ ਸੰਗਤਾਂ ਦੇ ਸਹਿਯੋਗ ਨਾਲ ਇਸ ਇਲਾਕੇ ਦੇ ਸਮੂਹ ਹੜ੍ਹ ਪੀੜਿਤ ਕਿਸਾਨ ਦੁਬਾਰਾ ਆਪਣੀ ਫਸਲ ਬੀਜਣ ਦੇ ਯੋਗ ਹੋ ਗਏ ਹਨ ਅਤੇ ਉਨਾਂ ਦੇ ਚਿਹਰਿਆਂ ਤੇ ਰੌਣਕ ਪਰਤ ਆਈ ਹੈ। ਹਰੇਕ ਪਰਿਵਾਰ ਵੱਲੋਂ ਬਾਬਾ ਜੀ ਦਾ ਧੰਨਵਾਦ ਕੀਤਾ ਜਾ ਰਿਹਾ ਹੈ। ਇਸ ਮੌਕੇ ਸੇਵ ਕਰ ਰਹੀ ਸੰਗਤ ਵਿਚ ਜਥੇਦਾਰ ਬਾਰਾ ਸਿੰਘ, ਸਾਹਿਬ ਸਿੰਘ, ਕੁਲਦੀਪ ਸਿੰਘ ਅਤੇ ਹੋਰ ਕਈ ਸੇਵਾਦਾਰ ਸੰਗਤ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243